


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 13 ਜਨਵਰੀ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 211, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ


ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

## ਬਾਇਡਨ ਰਾਸ਼ਟਰਪਤੀ ਚੋਣਾਂ ਵਿੱਚ ਟਰੰਪ ਨੂੰ ਹਰਾ ਸਕਦਾ ਸੀ



ਵਾਸ਼ਿੰਗਟਨ, ਲੋਕ ਬਾਣੀ-ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਕਿ ਉਹ ਨਵੰਬਰ ਵਿੱਚ ਹੋਈਆਂ ਆਮ ਚੋਣਾਂ ਵਿੱਚ ਡੋਨਾਲਡ ਟਰੰਪ ਨੂੰ ਹਰਾ ਸਕਦੇ ਸੀ ਪਰ ਉਨ੍ਹਾਂ ਨੇ ਡੈਮੋਕਰੈਟਿਕ ਪਾਰਟੀ ਦੀ ਇਕਜੁੱਟਤਾ ਖਾਤਰ ਆਪਣੀ ਉਮੀਦਵਾਰੀ ਵਾਪਸ ਲੈਣ ਦਾ ਫ਼ੈਸਲਾ ਕੀਤਾ। ਬਾਇਡਨ ਤੋਂ ਇੱਥੇ ਵ੍ਹਾਈਟ ਹਾਊਸ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਪੁੱਛਿਆ ਗਿਆ, "ਕੀ ਤੁਹਾਨੂੰ ਚੋਣ ਨਾ ਲੜਨ ਦੇ ਆਪਣੇ ਫ਼ੈਸਲੇ 'ਤੇ ਪਛਤਾਵਾ ਹੈ? ਕੀ ਤੁਹਾਨੂੰ ਲਗਦਾ ਹੈ ਕਿ ਤੁਸੀਂ ਟਰੰਪ ਨੂੰ ਆਪਣਾ ਉਤਰਾਧਿਕਾਰੀ ਬਣਨ ਦਾ ਆਸਾਨ ਮੌਕਾ ਦੇ ਦਿੱਤਾ?" ਇਸ 'ਤੇ ਬਾਇਡਨ ਨੇ ਕਿਹਾ, "ਮੈਨੂੰ ਅਜਿਹਾ ਨਹੀਂ ਲਗਦਾ। ਮੈਨੂੰ ਲਗਦਾ ਹੈ ਕਿ ਮੈਂ ਟਰੰਪ ਨੂੰ ਹਰਾ ਸਕਦਾ ਸੀ। ਮੈਨੂੰ ਲਗਦਾ ਹੈ ਕਿ ਕਮਲਾ ਹੈਰਿਸ ਟਰੰਪ ਨੂੰ ਹਰਾ ਸਕਦੀ ਸੀ।"

## ਯੂ.ਪੀ ਚ ਵਾਪਰੇ ਰੇਲ ਹਾਦਸੇ ਵਿੱਚ 28 ਵਰਕਰਾਂ ਨੂੰ ਸੁਰੱਖਿਅਤ ਬਚਾਇਆ ਗਿਆ



ਕੰਨੌਜ ਲੋਕ ਬਾਣੀ- ਕੰਨੌਜ ਰੇਲਵੇ ਸਟੇਸ਼ਨ ਉੱਤੇ ਲੰਘੇ ਦਿਨ ਉਸਾਰੀ ਅਧੀਨ ਇਮਾਰਤ ਦੀ ਛੱਤ ਡਿੱਗਣ ਮਗਰੋਂ ਪਿਛਲੇ 16 ਘੰਟਿਆਂ ਤੋਂ ਜਾਰੀ ਰਾਹਤ ਤੇ ਬਚਾਅ ਕਾਰਜਾਂ ਤੋਂ ਬਾਅਦ 28 ਵਰਕਰਾਂ ਨੂੰ ਮਲਬੇ ਹੇਠੋਂ ਸੁਰੱਖਿਅਤ ਕੱਢਿਆ ਗਿਆ। ਅਧਿਕਾਰੀਆਂ ਨੇ ਕਿਹਾ ਕਿ ਇਨ੍ਹਾਂ ਕਾਮਿਆਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਹਾਲ ਦੀ ਘੜੀ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਚੇਤੇ ਰਹੇ ਕਿ ਸ਼ਨਿੱਚਰਵਾਰ ਬਾਅਦ ਦੁਪਹਿਰ ਰੇਲਵੇ ਸਟੇਸ਼ਨ ਉੱਤੇ ਉਸਾਰੀ ਅਧੀਨ ਇਮਾਰਤ ਦੀ ਛੱਤ ਡਿੱਗਣ ਕਰਕੇ ਕਈ ਵਰਕਰ ਮਲਬੇ ਹੇਠ ਦੱਬ ਗਏ ਸਨ।

## ਬੀਸੀਸੀਆਈ ਦੇ ਸਕੱਤਰ ਬਣੇ ਦੇਵਾਜੀਤ ਸਾਇਕੀਆ



ਮੁੰਬਈ, ਲੋਕ ਬਾਣੀ- ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀਸੀਸੀਆਈ) ਦੀ ਵਿਸ਼ੇਸ਼ ਜਨਰਲ ਮੀਟਿੰਗ ਵਿਚ ਦੇਵਾਜੀਤ ਸਾਇਕੀਆ ਤੇ ਪ੍ਰਭਤੇਜ ਸਿੰਘ ਭਾਟੀਆ ਨੂੰ ਕ੍ਰਮਵਾਰ ਸਕੱਤਰ ਤੇ ਖ਼ਜ਼ਾਨਚੀ ਚੁਣਿਆ ਗਿਆ ਹੈ। ਇਹ ਦੋਵੇਂ ਨਿਰਵਿਰੋਧ ਚੁਣੇ ਗਏ ਕਿਉਂਕਿ ਜੈਅ ਸ਼ਾਹ ਤੇ ਆਸ਼ੀਸ਼ ਸ਼ੈਲਰ ਵੱਲੋਂ ਅਹੁਦੇ ਛੱਡਣ ਮਗਰੋਂ ਸਾਇਕੀਆ ਤੇ ਭਾਟੀਆ ਨੇ ਹੀ ਇਨ੍ਹਾਂ ਅਹੁਦਿਆਂ ਲਈ ਨਾਮਜ਼ਦਗੀਆਂ ਦਾਖ਼ਲ ਕੀਤੀਆਂ ਸਨ। ਸ਼ਾਹ ਨੇ ਪਿਛਲੇ ਮਹੀਨੇ ਆਈਸੀਸੀ ਚੇਅਰਮੈਨ ਬਣਨ ਮਗਰੋਂ ਸਕੱਤਰ ਦਾ ਅਹੁਦਾ ਛੱਡ ਦਿੱਤਾ ਸੀ ਜਦੋਂਕਿ ਸ਼ੈਲਰ ਨੇ ਮਹਾਰਾਸ਼ਟਰ ਸਰਕਾਰ 'ਚ ਕੈਬਨਿਟ ਮੰਤਰੀ ਵਜੋਂ ਹਲਫ਼ ਲੈਣ ਮਗਰੋਂ ਅਸਤੀਫ਼ਾ ਦਿੱਤਾ ਸੀ। ਸਾਇਕੀਆ ਅਸਾਮ ਤੇ ਭਾਟੀਆ ਛੱਤੀਸਗੜ੍ਹ ਨਾਲ ਸਬੰਧਤ ਹਨ।

## ਕਾਂਗਰਸ ਨੇ ਕੀਤਾ ਐਲਾਨ ਦਿੱਲੀ ਚ ਬੇਰੁਜ਼ਗਾਰ ਨੋਜਵਾਨਾ ਨੂੰ 8500 ਰੁਪਏ ਮਹੀਨਾ ਦੇਣ ਦਾ




ਦਿੱਲੀ, ਲੋਕ ਬਾਣੀ--ਕਾਂਗਰਸ ਨੇਤਾ ਸਚਿਨ ਪਾਇਲਟ ਨੇ ਕਿਹਾ, '...ਦਿੱਲੀ ਦੇ ਲੋਕ 5 ਫਰਵਰੀ ਨੂੰ ਨਵੀਂ ਸਰਕਾਰ ਚੁਣਨ ਜਾ ਰਹੇ ਹਨ...ਅਸੀਂ ਦਿੱਲੀ ਦੇ ਲੋਕਾਂ ਲਈ ਕੁਝ ਗਾਰੰਟੀਆਂ ਪੇਸ਼ ਕਰਨ ਜਾ ਰਹੇ ਹਾਂ। ਅੱਜ, ਸਾਡੀ ਪਾਰਟੀ ਨੇ ਫ਼ੈਸਲਾ ਕੀਤਾ ਹੈ ਕਿ ਅਸੀਂ ਦਿੱਲੀ ਦੇ ਉਨ੍ਹਾਂ ਨੌਜਵਾਨਾਂ ਨੂੰ 8,500 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕਰਾਂਗੇ ਜੋ ਪੜ੍ਹੇ-ਲਿਖੇ ਹਨ, ਪਰ ਬੇਰੁਜ਼ਗਾਰ ਹਨ। 1 ਸਾਲ ਦੀ ਮਿਆਦ ਲਈ ਉਨ੍ਹਾਂ ਦੀ ਮਦਦ ਕੀਤੀ ਜਾਵੇਗੀ। ਇਹ ਸਿਰਫ਼ ਵਿੱਤੀ ਮਦਦ ਨਹੀਂ ਹੈ। ਅਸੀਂ ਉਨ੍ਹਾਂ ਨੂੰ ਉਸ ਉਦਯੋਗ ਵਿਚ ਸ਼ਾਮਿਲ ਕਰਨ ਦੀ ਕੋਸ਼ਿਸ਼ ਕਰਾਂਗੇ, ਜਿਸ ਵਿਚ ਉਨ੍ਹਾਂ ਨੂੰ ਸਿਖਲਾਈ ਦਿੱਤੀ ਗਈ ਹੈ...।

## ਪੰਜਾਬ ਚ ਤਹਸੀਲਦਾਰ ਤੇ ਨਾਇਬ ਤਹਿਸੀਲਦਾਰ 14 ਤੋਂ ਜਾਣਗੇ ਹੜਤਾਲ ਤੇ




ਚੰਡੀਗੜ੍ਹ, ਵਿਨੋਦ ਸ਼ਰਮਾ-ਪੰਜਾਬ ਰੈਵੇਨਿਊ ਅਫ਼ਸਰ ਐਸੋਸੀਏਸ਼ਨ ਨੇ ਸਰਕਾਰ ਦੀਆਂ ਨੀਤੀਆਂ ਅਤੇ ਪ੍ਰਧਾਨ ਸੁਖਚਰਨ ਸਿੰਘ ਚੰਨੀ ਖ਼ਿਲਾਫ਼ ਦਰਜ ਕੀਤੇ ਗਏ ਕੇਸ ਵਿਰੁੱਧ 14 ਜਨਵਰੀ ਤੋਂ ਹੜਤਾਲ ਸ਼ੁਰੂ ਕਰਨ ਦਾ ਐਲਾਨ ਕਰਦਿਆਂ ਮਾਮਲੇ ਦੀ ਜਾਂਚ ਮੰਗੀ ਹੈ। ਇਸ ਦੌਰਾਨ ਪੰਜਾਬ ਵਿੱਚ ਰਜਿਸਟਰੀਆਂ ਤੇ ਹੋਰ ਭੂਮੀ ਰਿਕਾਰਡ ਨਾਲ ਸਬੰਧਤ ਸਾਰੇ ਕੰਮਕਾਜ ਠੱਪ ਕੀਤੇ ਜਾਣਗੇ। ਐਸੋਸੀਏਸ਼ਨ ਦੇ ਪ੍ਰਧਾਨ ਚੰਨੀ ਨੇ ਆਪਣੇ ਸਾਥੀਆਂ ਨਾਲ ਚੰਡੀਗੜ੍ਹ ਪ੍ਰੈੱਸ ਕਲੱਬ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਦੇ ਵਫ਼ਦ ਨੇ ਕਈ ਵਾਰ ਪੰਜਾਬ ਸਰਕਾਰ ਦੇ ਮੰਤਰੀਆਂ ਨਾਲ ਗੱਲਬਾਤ ਕੀਤੀ

## ਜਲੰਧਰ ਦੇ ਨਵੇਂ ਮੇਅਰ ਨੇ ਕੀਤੀ ਪਹਿਲੀ ਪ੍ਰੈਸ ਕਾਨਫਰੰਸ




ਜਲੰਧਰ, ਵਿਸ਼ਾਲ ਸ਼ੈਲੀ --ਜਲੰਧਰ ਨਗਰ ਨਿਗਮ ਦੇ ਨਵੇਂ ਚੁਣੇ ਗਏ ਮੇਅਰ ਵਿਨੀਤ ਧੀਰ ਵੱਲੋਂ ਅੱਜ ਜਲੰਧਰ ਨਗਰ ਨਿਗਮ ਦਫ਼ਤਰ ਪਹੁੰਚ ਕੇ ਪ੍ਰੈੱਸ ਕਾਨਫ਼ਰੰਸ ਕੀਤੀ ਗਈ। ਇਸ ਮੌਕੇ ਵਿਨੀਤ ਧੀਰ ਨੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਇਸ ਦੇ ਨਾਲ ਹੀ ਉਨ੍ਹਾਂ ਸ਼ਹਿਰ ਦੇ ਕਈ ਮੁੱਦਿਆਂ 'ਤੇ ਵੀ ਚਰਚਾ ਕੀਤੀ। ਇਸ ਦੌਰਾਨ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਸ਼ਹਿਰ ਦੀ ਬਹਿਤਰੀ ਉੱਚਿਤ ਕਦਮ ਚੁੱਕੇ ਜਾਣਗੇ।

## ਸੂਬੇ ਵਿਚ ਅੱਜ ਫਿਰ ਹੋਇਆ ਕਤਲ



ਫਾਜ਼ਿਲਕਾ, ਲੋਕ ਬਾਣੀ-ਫ਼ਾਜ਼ਿਲਕਾ ਵਿਚ ਇਕ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ, ਜਿਸ ਵਿਚ ਇਕ ਬਜ਼ੁਰਗ ਔਰਤ ਨੂੰ ਘਰ ਵਿਚ ਦਾਖ਼ਲ ਹੋ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਅਤੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਲੁੱਟ ਤੋਂ ਪਹਿਲਾਂ ਘਰ ਵਿਚ ਮੌਜੂਦ ਬਜ਼ੁਰਗ ਜੋੜੇ ਨੂੰ ਬੰਧਕ ਬਣਾਇਆ ਗਿਆ ਅਤੇ ਘਰ ਦੇ ਹਰ ਹਿੱਸੇ ਵਿਚੋਂ ਲੁੱਟ ਕੀਤੀ ਗਈ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਲੁਟੇਰੇ ਮੌਕੇ ਤੋਂ ਫ਼ਰਾਰ ਹੋ ਗਏ। ਪੁਲਿਸ ਅਤੇ ਫੋਰੈਂਸਿਕ ਟੀਮ ਨੇ ਮੌਕੇ ਉਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਬਜ਼ੁਰਗ ਜੋੜੇ ਦਾ ਪਰਿਵਾਰ ਵਿਦੇਸ਼ ਵਿਚ ਰਹਿੰਦਾ ਹੈ ਅਤੇ ਬਜ਼ੁਰਗ ਜੋੜਾ ਘਰ ਵਿਚ ਇਕੱਲਾ ਸੀ। ਵਾਰਦਾਤ ਫ਼ਾਜ਼ਿਲਕਾ ਦੇ ਪਿੰਡ ਬੰਨਵਾਲਾ ਹਨੁਵੰਤਾ ਦੀ ਹੈ।

## ਪੰਜਾਬ ਵਿੱਚ ਫੇਰ ਚੱਲੀਂ ਗੋਲੀ ਇਲਾਕੇ ਵਿੱਚ ਫੈਲੀ ਦਹਿਸ਼ਤ



ਫਿਰੋਜ਼ਪੁਰ, ਲੋਕ ਬਾਣੀ--ਗੁਰੂਹਰਸਹਾਏ ਸ਼ਹਿਰ ਦੀ ਗੁਰੂ ਕਰਮ ਸਿੰਘ ਬਸਤੀ ਵਿਖੇ ਦੋ ਧਿਰਾਂ ਵਿਚ ਮਾਮੂਲੀ ਟਕਰਾਅ ਨੂੰ ਲੈ ਕੇ ਇਕ ਧਿਰ ਵਲੋਂ ਗੋਲੀ ਚਲਾਉਣ ਕਰਕੇ ਦੂਜੀ ਧਿਰ ਦੀ ਔਰਤ ਦੇ ਜ਼ਖਮੀ ਹੋਣ ਦੀ ਖਬਰ ਮਿਲੀ ਹੈ। ਜਾਣਕਾਰੀ ਦਿੰਦਿਆਂ ਸਬ-ਡਵੀਜ਼ਨ ਗੁਰੂਹਰਸਹਾਏ ਦੇ ਡੀ.ਐਸ.ਪੀ. ਸਤਨਾਮ ਸਿੰਘ ਅਤੇ ਥਾਣਾ ਮੁਖੀ ਜਸਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਅੱਜ ਦੁਪਹਿਰ 12 ਵਜੇ ਦੇ ਕਰੀਬ ਪੁਰਾਣੀ ਰੰਜਿਸ਼ ਨੂੰ ਲੈ ਕੇ ਇਕ ਧਿਰ ਵਲੋਂ ਦੂਜੀ ਧਿਰ ਦੇ ਘਰ ਅੰਦਰ ਵੜ ਕੇ ਲੜਾਈ-ਝਗੜਾ ਸ਼ੁਰੂ ਕਰ ਦਿੱਤਾ ਗਿਆ ਤੇ ਉਸ ਧਿਰ ਦੀ ਮਾਰਕੁੱਟ ਕਰਨੀ ਸ਼ੁਰੂ ਕਰ ਦਿੱਤੀ ਤੇ ਇਸ ਦੌਰਾਨ ਘਰ ਵਿਚ ਮੌਜੂਦ ਇਕ ਔਰਤ ਵਲੋਂ ਲੜਾਈ-ਝਗੜੇ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਦੂਜੀ ਧਿਰ ਵਲੋਂ ਗੋਲੀ ਚਲਾ ਦਿੱਤੀ ਗਏ






# ਡੋਨਾਲਡ ਟਰੰਪ ਦੇ ਸਹੁੰ ਚੁੱਕ ਸਮਾਗਮ ਚ ਸ਼ਾਮਲ ਹੋਣਗੇ ਵਿਦੇਸ਼ ਮੰਤਰੀ ਜੈਸ਼ੰਕਰ, 20 ਜਨਵਰੀ ਨੂੰ ਵਾਸ਼ਿੰਗਟਨ ਚ ਹੋਵੇਗਾ ਪ੍ਰੋਗਰਾਮ

ਨਵੀ ਦਿੱਲੀ-(ਲੋਕ ਬਾਣੀ) ਭਰਤ ਦੇ ਵਿਦੇਸ਼ ਮੰਤਰੀ ਜੈਸ਼ੰਕਰ 20 ਜਨਵਰੀ ਨੂੰ ਅਮਰੀਕਾ ਦੌਰੇ ਤੇ ਜਾ ਰਹੇ ਹਨ। ਇਸ ਦੌਰਾਨ ਉਹ ਇੱਥੇ ਨਵੇਂ ਚੁਣੇ ਗਏ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਣਗੇ। ਸਹੁੰ ਚੁੱਕ ਸਮਾਗਮ ਦੀ ਆਯੋਜਨ ਕਮੇਟੀ ਨੇ ਇਸ ਦੇ ਲਈ ਭਾਰਤ ਨੂੰ ਸੱਦਾ ਭੇਜਿਆ ਹੈ। ਵਿਦੇਸ਼ ਮੰਤਰਾਲੇ ਨੇ ਇਹ ਜਾਣਕਾਰੀ ਐਕਸ ਤੇ ਪੋਸਟ ਸਾਂਝੀ ਕਰਕੇ ਦਿੱਤੀ ਹੈ। ਇਸ ਦੌਰਾਨ ਜੈਸ਼ੰਕਰ ਟਰੰਪ ਪ੍ਰਸ਼ਾਸਨ ਚ ਸ਼ਾਮਲ ਹੋਣ ਵਾਲੇ ਮੰਤਰੀਆਂ ਅਤੇ ਹੋਰ ਦੇਸ਼ਾਂ ਦੇ ਨੇਤਾਵਾਂ ਨਾਲ ਵੀ ਮੁਲਾਕਾਤ ਕਰਨਗੇ। ਡੋਨਾਲਡ ਟਰੰਪ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਵਾਲੇ ਹਨ

ਦੱਸ ਦੇਈਏ ਕਿ ਉਨ੍ਹਾਂ ਨੇ ਕਮਲਾ ਹੈਰਿਸ ਨੂੰ ਹਰਾ ਕੇ ਰਾਸ਼ਟਰਪਤੀ ਦੀ ਚੋਣ ਜਿੱਤੀ ਹੈ। ਚੋਣਾਂ ਵਿੱਚ ਡੋਨਾਲਡ ਟਰੰਪ ਨੂੰ 312 ਇਲੈਕਟੋਰਲ ਵੋਟਾਂ ਮਿਲੀਆਂ, ਜਦਕਿ ਕਮਲਾ ਹੈਰਿਸ ਨੂੰ ਸਿਰਫ਼ 226 ਵੋਟਾਂ ਮਿਲੀਆਂ। ਚੋਣ ਜਿੱਤਣ ਲਈ ਉਮੀਦਵਾਰ ਨੂੰ 270 ਇਲੈਕਟੋਰਲ ਵੋਟਾਂ ਦੀ ਲੋੜ ਹੁੰਦੀ ਹੈ।ਰਾਸ਼ਟਰਪਤੀ ਟਰੰਪ 20 ਜਨਵਰੀ ਸੋਮਵਾਰ ਨੂੰ ਦੁਪਹਿਰ 12 ਵਜੇ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿੱਚ ਸਹੁੰ ਚੁੱਕਣਗੇ। ਇਸ ਦੌਰਾਨ ਅਮਰੀਕੀ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਜੌਨ ਰੌਬਰਟਸ ਉਨ੍ਹਾਂ ਨੂੰ ਅਹੁਦੇ ਦੀ ਸਹੁੰ ਚੁਕਾਉਣਗੇ। 21ਵੀਂ ਸਦੀ ਚ ਇਹ ਪਹਿਲੀ ਵਾਰ ਹੋਵੇਗਾ ਕਿ ਕੋਈ ਅਮਰੀਕੀ ਰਾਸ਼ਟਰਪਤੀ ਛੁੱਟੀ ਵਾਲੇ ਦਿਨ ਅਹੁਦੇ ਦੀ ਸਹੁੰ ਚੁੱਕੇਗਾ। ਟਰੰਪ ਤੋਂ ਇਲਾਵਾ ਜੇਡੀ ਵਾਂਸ ਨੂੰ ਉਪ ਰਾਸ਼ਟਰਪਤੀ ਵਜੋਂ ਸਹੁੰ ਚੁਕਾਈ ਜਾਵੇਗੀ। ਆਮ ਤੌਰ ਤੇ ਰਾਸ਼ਟਰਪਤੀ ਦੇ ਸਾਹਮਣੇ ਉਪ ਰਾਸ਼ਟਰਪਤੀ ਨੂੰ ਸਹੁੰ ਚੁਕਾਈ ਜਾਂਦੀ ਹੈ।



# ਹੁਸ਼ਿਆਰਪੁਰ ਚ ਇੱਕ ਘਰ ਤੇ ਹਮਲਾਵਰਾ ਨੇ ਕੀਤੀ ਤਾਂਬੜ-ਤੋੜ ਫਾਇਰਿੰਗ, 8 ਰਾਉਂਡ ਕੀਤੇ ਫਾਇਰ



ਹੁਸ਼ਿਆਰਪੁਰ-(ਲੋਕ ਬਾਣੀ) ਹੁਸ਼ਿਆਰਪੁਰ ਚ ਬੀਤੀ ਰਾਤ ਕਰੀਬ ਸਾਢੇ 10 ਵਜੇ ਕੁਝ ਸ਼ਰਾਰਤੀ ਅਨਸਰਾਂ ਨੇ ਇਕ ਘਰ ਦੇ ਗੇਟ ਤੇ 2 ਵਾਰ ਕੁੱਲ 8 ਰਾਉਂਡ ਫਾਇਰ ਕੀਤੇ। ਪਹਿਲੀ ਵਾਰ 5 ਗੋਲੀਆਂ ਚਲਾਈਆਂ ਗਈਆਂ ਅਤੇ ਦੂਜੀ ਵਾਰ 3 ਗੋਲੀਆਂ ਚਲਾਈਆਂ ਗਈਆਂ। ਘਟਨਾ ਦੇ ਸਮੇਂ ਘਰ ਚ ਤਿੰਨ ਵਿਅਕਤੀ ਮੌਜੂਦ ਸਨ, ਜਦਕਿ ਘਰ ਦਾ ਮੁਖੀ ਕਿਸੇ ਕੰਮ ਲਈ ਕਿਸੇ ਰਿਸ਼ਤੇਦਾਰ ਨੂੰ ਮਿਲਣ ਗਿਆ ਹੋਇਆ ਸੀ। ਇਹ ਘਰ ਅਮਰੀਕ ਸਿੰਘ ਦਾ ਹੈ ਅਤੇ ਘਟਨਾ ਮੁਕੇਰੀਆਂ ਸਥਿਤ ਆਰੀਆ ਸਮਾਜੀ ਇਲਾਕੇ ਦੀ ਹੈ।

ਐਸਪੀ ਹੁਸ਼ਿਆਰਪੁਰ ਸਰਬਜੀਤ ਸਿੰਘ ਬਾਹੀਆ ਅਨੁਸਾਰ ਪਰਿਵਾਰ ਨੇ ਦੱਸਿਆ ਕਿ ਉਨ੍ਹਾਂ ਦੇ ਲੜਕੇ ਰਾਜੇਸ਼ ਕੁਮਾਰ ਜੋ ਕਿ ਇਸ ਸਮੇਂ ਗ੍ਰੀਸ ਵਿੱਚ ਰਹਿ ਰਿਹਾ ਹੈ, ਨੂੰ ਕੁਝ ਸਮਾਂ ਪਹਿਲਾਂ ਧਮਕੀ ਭਰਿਆ ਫ਼ੋਨ ਆਇਆ ਸੀ। ਅਮਰੀਕ ਸਿੰਘ ਦੇ ਪਰਿਵਾਰ ਵਿੱਚ ਦੋ ਪੁੱਤਰ ਹਨ- ਦਿਨੇਸ਼ ਕੁਮਾਰ ਜੋ ਇੱਥੇ ਰਹਿੰਦਾ ਹੈ ਅਤੇ ਰਾਜੇਸ਼ ਕੁਮਾਰ ਜੋ ਵਿਦੇਸ਼ ਵਿੱਚ ਰਹਿੰਦਾ ਹੈ।

ਇਹ ਸਾਰੀ ਘਟਨਾ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਪਰਿਵਾਰ ਦੀ ਸ਼ਿਕਾਇਤ 'ਤੇ ਪੁਲੀਸ ਨੇ ਹਮਲਾਵਰਾਂ ਖ਼ਿਲਾਫ਼ ਅਸਲਾ ਐਕਟ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਵੱਖ-ਵੱਖ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਮੁਲਜ਼ਮਾਂ ਦੀ ਭਾਲ ਜਾਰੀ ਹੈ।

# ਸਪੈਸ਼ਲ ਆਪ੍ਰੇਸ਼ਨ ਗਰੁੱਪ ਵੱਲੋਂ 220 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਟਰੱਕ ਕਾਬੂ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦੱਸਿਆ ਕਿ ਮੁਹਾਲੀ ਆਬਕਾਰੀ ਟੀਮ ਅਤੇ ਮੁਹਾਲੀ ਪੁਲੀਸ ਦੀ ਸ਼ਮੂਲੀਅਤ ਵਾਲੇ ਵਿਸ਼ੇਸ਼ ਅਪ੍ਰੇਸ਼ਨ ਗਰੁੱਪ ਨੇ ਹੰਡੇਸਰਾ ਨੇੜੇ ਇੱਕ ਟਰੱਕ ਨੂੰ ਰੋਕ ਕੇ ਸਿਰਫ਼ ਚੰਡੀਗੜ੍ਹ ਵਿੱਚ ਵਿਕਰੀ ਲਈ ਵਜੋਂ ਮਾਰਕ ਕੀਤੀਆਂ 220 ਸ਼ਰਾਬ ਦੀਆਂ ਪੇਟੀਆਂ ਜ਼ਬਤ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਅਪਰੇਸ਼ਨ ਚੰਡੀਗੜ੍ਹ (ਯੂ.ਟੀ.) ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਦੇ ਅਪਰਾਧ ਨਾਲ ਨਜਿੱਠਣ ਲਈ ਪਿਛਲੇ ਕੁਝ ਦਿਨਾਂ ਤੋਂ ਸੂਬੇ ਭਰ ਵਿੱਚ ਚਲਾਈ ਗਈ ਵਿਸ਼ੇਸ਼ ਮੁਹਿਮ ਦਾ ਹਿੱਸਾ ਹੈ।



ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਕਾਰਵਾਈ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਇਹ ਕਾਰਵਾਈ ਹਾਲ ਹੀ ਦੇ ਸਮੇਂ ਵਿੱਚ ਚੰਡੀਗੜ੍ਹ ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਵਿਰੁੱਧ ਕੀਤੀਆਂ ਗਈਆਂ 6 ਵੱਡੀਆਂ ਵਿੱਚੋਂ ਇੱਕ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਮਿਤੀ 11.01.2025 ਨੂੰ ਪੰਜਾਬ ਆਬਕਾਰੀ ਐਕਟ, 1914 ਦੀ ਧਾਰਾ 61(1)(14) ਅਤੇ 78(2) ਤਹਿਤ ਐਫਆਈਆਰ ਨੰਬਰ 01 ਥਾਣਾ ਹੰਡੇਸਰਾ ਵਿਖੇ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਚੰਡੀਗੜ੍ਹ ਤੋਂ ਸ਼ਰਾਬ ਦੀ ਤਸਕਰੀ ਦੇ ਹੋਰ ਮਾਮਲਿਆਂ ਦੇ ਸਬੰਧ ਵਿੱਚ ਮੁਹਾਲੀ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਵਿੱਚ ਛੇ ਹੋਰ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ, ਜਿਸ ਦੇ ਨਤੀਜੇ ਵਜੋਂ ਵੱਖ-ਵੱਖ ਸ਼ਰਾਬ ਦੇ ਬਰਾਂਡਾਂ ਦੀਆਂ 42 ਪੇਟੀਆਂ ਜ਼ਬਤ ਕੀਤੀਆਂ ਗਈਆਂ ਹਨ।

ਕਰ ਅਤੇ ਆਬਕਾਰੀ ਮੰਤਰੀ ਨੇ ਅੱਗੇ ਦੱਸਿਆ ਕਿ ਚਾਲੂ ਵਿੱਤੀ ਸਾਲ ਵਿੱਚ 31.12.2024 ਤੱਕ ਚੰਡੀਗੜ੍ਹ ਸ਼ਰਾਬ ਦੀ ਤਸਕਰੀ ਨਾਲ ਸਬੰਧਤ 114 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ, ਜਿਸ ਤਹਿਤ 30,096 ਸ਼ਰਾਬ ਦੀਆਂ ਬੋਤਲਾਂ ਬਰਾਮਦ ਹੋਈਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਬਕਾਰੀ ਵਿਭਾਗ ਅਤੇ ਪੰਜਾਬ ਪੁਲਿਸ ਦੋਵੇਂ ਹੀ ਸ਼ਰਾਬ ਦੀ ਤਸਕਰੀ ਪ੍ਰਤੀ ਜ਼ੀਰੋ ਟੌਲਰੈਂਸ ਦੀ ਨੀਤੀ ਅਪਣਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੇ ਨਿਰੰਤਰ ਸਹਿਯੋਗ ਨਾਲ ਚੱਲ ਰਹੀ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਸ਼ਰਾਬ ਦੀ ਤਸਕਰੀ ਵਿੱਚ ਸ਼ਾਮਲ ਵਿਅਕਤੀ, ਭਾਂਵੇ ਉਹ ਕੋਈ ਵੀ ਹੋਵੇ, ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਆਬਕਾਰੀ ਐਕਟ, 1914 ਤਹਿਤ ਸ਼ਰਾਬ ਦੀ ਤਸਕਰੀ ਗੈਰ-ਕਾਨੂੰਨੀ, ਸਜ਼ਾਯੋਗ ਅਪਰਾਧ ਹੈ ਅਤੇ ਰਾਜ ਦੇ ਮਾਲੀਏ ਲਈ ਨੁਕਸਾਨਦੇਹ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਗਤੀਵਿਧੀ ਬਾਰੇ ਵਿਭਾਗ ਨੂੰ ਸੂਚਿਤ ਕਰਨ ਤਾਂ ਜੋ ਸੂਬੇ ਨੂੰ ਕੋਈ ਮਾਲੀ ਨੁਕਸਾਨ ਨਾ ਹੋਵੇ।

# ਅੰਮ੍ਰਿਤਸਰ ਚ ਸਰਪੰਚ ਨੂੰ ਗੋਲੀ ਮਾਰਨ ਵਾਲੇ ਦੋਸ਼ੀ ਨੂੰ ਪੁਲਿਸ ਨੇ 24 ਘੰਟਿਆਂ ਚ ਕੀਤਾ ਕਾਬੂ, ਬੰਦੂਕ ਬਰਾਮਦ



ਅੰਮ੍ਰਿਤਸਰ-(ਲੋਕ ਬਾਣੀ) ਅੰਮ੍ਰਿਤਸਰ ਪੁਲਸ ਨੇ ਸਰਪੰਚ ਤੇ ਜਾਨਲੇਵਾ ਹਮਲਾ ਕਰਨ ਵਾਲੇ ਦੋਸ਼ੀ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫਤਾਰ ਕਰ ਲਿਆ ਹੈ। ਇਹ ਘਟਨਾ 8 ਜਨਵਰੀ ਨੂੰ ਵਾਪਰੀ ਸੀ, ਜਦੋਂ ਕਥਿਤ ਦੋਸ਼ੀ ਰਵਿੰਦਰ ਸਿੰਘ ਨੇ ਨਿੱਜੀ ਰੰਜਿਸ਼ ਦੇ ਚੱਲਦਿਆਂ ਸਰਪੰਚ ਸਵਿੰਦਰ ਸਿੰਘ ਦੀ ਗੱਡੀ ਤੇ ਗੋਲੀਆਂ ਚਲਾ ਦਿੱਤੀਆਂ ਸਨ।

ਬਾਰਡਰ ਰੇਂਜ ਦੇ ਡੀਆਈਜੀ ਸਤਿੰਦਰ ਸਿੰਘ ਦੀਆਂ ਹਦਾਇਤਾਂ 'ਤੇ ਕੱਥੂਨੰਗਲ ਥਾਣਾ ਇੰਚਾਰਜ ਖੁਸ਼ਬੂ ਸ਼ਰਮਾ ਨੇ ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਵਿਸ਼ੇਸ਼ ਟੀਮ ਦਾ ਗਠਨ ਕੀਤਾ। ਤਕਨੀਕੀ ਸਹਾਇਤਾ ਅਤੇ ਮੁਖ਼ਬਰ ਦੀ ਸੂਚਨਾ ਦੇ ਆਧਾਰ ਤੇ ਟੀਮ ਨੇ ਦੋਸ਼ੀ ਰਵਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਮੁਲਜ਼ਮ ਚਾਟੀਵਿੰਡ ਲੇਹਲ ਦਾ ਰਹਿਣ ਵਾਲਾ ਹੈ।

ਪੁਲੀਸ ਨੇ ਮੁਲਜ਼ਮਾਂ ਕੋਲੋਂ ਵਾਰਦਾਤ ਵਿੱਚ ਵਰਤੀ ਗਈ ਰਿਵਾਲਵਰ ਅਤੇ ਇੱਕ ਬੰਦੂਕ ਬਰਾਮਦ ਕਰ ਲਈ ਹੈ। ਜਾਂਚ ਚ ਪਤਾ ਲੱਗਾ ਹੈ ਕਿ ਦੋਸ਼ੀ ਖਿਲਾਫ ਪਹਿਲਾਂ ਵੀ ਮਾਮਲਾ ਦਰਜ ਹੈ। ਪੁਲਿਸ ਮਾਮਲੇ ਦੀ ਸਾਰੇ ਪਹਿਲੂਆਂ ਤੇ ਬਾਰੀਕੀ ਨਾਲ ਜਾਂਚ ਕਰ ਰਹੀ ਹੈ ਅਤੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅਸਲਾ ਐਕਟ ਦੀ ਧਾਰਾ 25/27-54-59 ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਲਾਕੇ ਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਪੁਲਿਸ ਚੌਕਸ ਹੈ।

# ਕੇਂਦਰੀ ਮੰਤਰੀ ਨਿਤਿਨ ਗਡਕਰੀ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਹੋਏ ਸ਼ਾਮਲ, ਸਾਰਿਆਂ ਨੂੰ ਫਿਲਮ ਦੇਖਣ ਦੀ ਕੀਤੀ ਅਪੀਲ

ਨਵੀਂ ਦਿੱਲੀ-(ਲੋਕ ਬਾਣੀ) ਬਾਲੀਵੁੱਡ ਅਦਾਕਾਰਾ ਤੇ ਸੰਸਦ ਮੈਂਬਰ ਕੰਗਨਾ ਰਣੌਤ ਇਨ੍ਹੀਂ ਦਿਨੀਂ ਆਪਣੀ ਫਿਲਮ ਐਮਰਜੈਂਸੀ ਨੂੰ ਲੈ ਕੇ ਸੁਰਖੀਆਂ ਚ ਹੈ। ਇਸ ਦੌਰਾਨ ਅਦਾਕਾਰਾ ਨੇ ਸ਼ਨੀਵਾਰ ਨੂੰ ਨਾਗਪੁਰ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਲਈ ਫਿਲਮ ਦੀ ਸਪੈਸ਼ਲ ਸਕ੍ਰੀਨਿੰਗ ਦਾ ਆਯੋਜਨ ਕੀਤਾ ਸੀ। ਇਸ ਦੌਰਾਨ ਅਨੁਪਮ ਖੇਰ ਵੀ ਮੌਜੂਦ ਸਨ। ਫਿਲਮ ਐਮਰਜੈਂਸੀ ਦੀ ਵਿਸ਼ੇਸ਼ ਸਕ੍ਰੀਨਿੰਗ ਤੋਂ ਬਾਅਦ, ਨਿਤਿਨ ਗਡਕਰੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਤੇ ਫੋਟੋਆਂ ਅਤੇ ਵੀਡੀਓਜ਼ ਸ਼ੇਅਰ ਕੀਤੀਆਂ। ਉਨ੍ਹਾਂ ਨੇ ਪੋਸਟ ਸ਼ੇਅਰ ਕਰਦੇ ਹੋਏ ਫਿਲਮ ਦਾ ਰਿਵਿਊ ਦਿੱਤਾ ਹੈ ਅਤੇ ਲੋਕਾਂ ਨੂੰ ਫਿਲਮ ਦੇਖਣ ਦੀ ਅਪੀਲ ਕੀਤੀ ਹੈ।

ਪੋਸਟ ਸ਼ੇਅਰ ਕਰਦੇ ਹੋਏ ਕੇਂਦਰੀ ਮੰਤਰੀ ਨੇ ਲਿਖਿਆ- ਅੱਜ ਕੰਗਨਾ ਅਤੇ ਅਨੁਪਮ ਖੇਰ ਨਾਲ ਨਾਗਪੁਰ ਚ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਸ਼ਾਮਲ ਹੋਏ। ਸਾਡੇ ਦੇਸ਼ ਦੇ ਇਤਿਹਾਸ ਨੂੰ ਇੰਨੀ ਚੰਗੀ ਤਰ੍ਹਾਂ ਪੇਸ਼ ਕਰਨ ਲਈ ਮੈਂ ਫਿਲਮ ਨਿਰਮਾਤਾਵਾਂ ਅਤੇ ਅਦਾਕਾਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਮੈਂ ਸਾਰਿਆਂ ਨੂੰ ਇਸ ਫਿਲਮ ਨੂੰ ਦੇਖਣ ਦੀ ਅਪੀਲ ਕਰਦਾ ਹਾਂ, ਫਿਲਮ ਐਮਰਜੈਂਸੀ ਭਾਰਤ ਦੇ ਇਤਿਹਾਸ ਦੇ ਅਧਿਆਏ ਬਾਰੇ ਦੱਸਦੀ ਹੈ।



# ਝਾਰਖੰਡ ਚ ਪ੍ਰਿੰਸੀਪਲ ਨੇ ਕਰੀਬ 100 ਵਿਦਿਆਰਥਣਾਂ ਦੀਆਂ ਉਤਾਰੀਆਂ ਸ਼ਰਟਾ, ਬਲੇਜ਼ਰ ਪਾ ਕੇ ਘਰ ਪਹੁੰਚੀਆਂ ਵਿਦਿਆਰਥਣਾ



ਝਾਰਖੰਡ-(ਲੋਕ ਬਾਣੀ) ਝਾਰਖੰਡ ਦੇ ਧਨਬਾਦ ਦੇ ਇੱਕ ਨਿੱਜੀ ਸਕੂਲ ਵਿੱਚ ਕਰੀਬ 100 ਵਿਦਿਆਰਥਣਾਂ ਦੀਆਂ ਕਮੀਜ਼ਾਂ ਉਤਾਰ ਦਿੱਤੀਆਂ ਗਈਆ ਅਤੇ ਉਨ੍ਹਾਂ ਨੂੰ ਬਿਨਾਂ ਕਮੀਜ਼ ਦੇ ਘਰ ਭੇਜ ਦਿੱਤਾ ਗਿਆ। ਵਿਦਿਆਰਥਣਾਂ ਦੇ ਪਰਿਵਾਰਕ ਮੈਂਬਰਾਂ ਨੇ ਸ਼ਨੀਵਾਰ ਨੂੰ ਧਨਬਾਦ ਕਲੈਕਟਰ ਨਾਲ ਮੁਲਾਕਾਤ ਕੀਤੀ ਅਤੇ ਸਕੂਲ ਪ੍ਰਿੰਸੀਪਲ ਖਿਲਾਫ ਕਾਰਵਾਈ ਦੀ ਮੰਗ ਕੀਤੀ। ਦਰਅਸਲ, ਇਹ ਘਟਨਾ 9 ਜਨਵਰੀ ਦੀ ਹੈ। 11ਵੀਂ ਅਤੇ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਦੀਆਂ ਫਾਈਨਲ ਪ੍ਰੀਖਿਆਵਾਂ ਤੋਂ ਪਹਿਲਾਂ ਹੋਣ ਵਾਲੀਆਂ ਪ੍ਰੀ-ਬੋਰਡ ਪ੍ਰੀਖਿਆਵਾਂ ਚੱਲ ਰਹੀਆਂ ਸਨ। ਇਮਤਿਹਾਨ ਦੇ ਆਖਰੀ ਦਿਨ ਕਲਮ ਦਿਵਸ ਤੇ ਵਿਦਿਆਰਥੀਆਂ ਨੇ ਇਕ-ਦੂਜੇ ਦੀਆਂ ਕਮੀਜ਼ਾਂ ਤੇ ਸੰਦੇਸ਼ ਲਿਖੇ।

ਵਿਦਿਆਰਥਣਾਂ ਦੇ ਅਜਿਹਾ ਕਰਨ ਤੇ ਸਕੂਲ ਪ੍ਰਿੰਸੀਪਲ ਨਾਰਾਜ਼ ਹੋ ਗਏ। ਦੋਸ਼ ਹੈ ਕਿ ਉਸ ਨੇ ਕਰੀਬ 100 ਵਿਦਿਆਰਥਣਾਂ ਦੀਆਂ ਕਮੀਜ਼ਾਂ ਲਾਹ ਦਿੱਤੀਆਂ ਤੇ ਨੂੰ ਬਿਨਾਂ ਕਮੀਜ਼ ਦੇ ਘਰ ਜਾਣ ਦਿੱਤਾ ਗਿਆ। ਕੁੜੀਆਂ ਬਲੇਜ਼ਰ ਵਿੱਚ ਹੀ ਘਰ ਪਹੁੰਚੀਆਂ। ਧਨਬਾਦ ਕਲੈਕਟਰ ਮਾਧਵੀ ਮਿਸ਼ਰਾ ਨੇ ਮਾਮਲੇ ਦੀ ਜਾਂਚ ਲਈ ਇੱਕ ਕਮੇਟੀ ਦਾ ਗਠਨ ਕਰਕੇ ਜਾਂਚ ਦੇ ਹੁਕਮ ਦਿੱਤੇ ਹਨ। ਇਸ ਦੌਰਾਨ ਸਕੂਲ ਦੀ ਪ੍ਰਿੰਸੀਪਲ ਸਿਸਟਰ ਐੱਮ ਦੇਵਸ਼੍ਰੀ ਏਸੀ ਦਾ ਕਹਿਣਾ ਹੈ ਕਿ ਉਨ੍ਹਾਂ ਤੇ ਲੱਗੇ ਦੋਸ਼ ਝੂਠੇ ਹਨ।

ਮਾਪਿਆਂ ਦਾ ਦੋਸ਼ ਹੈ ਕਿ 11ਵੀਂ ਜਮਾਤ ਦੀਆਂ ਵਿਦਿਆਰਥਣਾਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਕਮੀਜ਼ਾਂ ਲਾਹ ਦਿੱਤੀਆਂ ਗਈਆਂ। ਇਹ ਵੀ ਕਿਹਾ ਗਿਆ ਸੀ ਕਿ ਸਾਰੇ ਮਾਪਿਆਂ ਨੂੰ ਬੁਲਾਇਆ ਜਾਵੇ ਅਤੇ ਇਕ-ਇਕ ਕਮੀਜ਼ ਮੰਗਵਾਈ ਜਾਵੇ, ਤਾਂ ਹੀ ਉਨ੍ਹਾਂ ਨੂੰ ਸਕੂਲ ਛੱਡਣ ਦੀ ਇਜਾਜ਼ਤ ਦਿੱਤੀ ਜਾਵੇਗੀ। ਕਈ ਕੁੜੀਆਂ ਬਿਨਾਂ ਕਮੀਜ਼ਾਂ ਦੇ ਸਿਰਫ਼ ਬਲੇਜ਼ਰ ਪਾ ਕੇ ਘਰ ਪਹੁੰਚੀਆਂ ਅਤੇ ਬਹੁਤ ਰੋਈਆਂ।

ਇਸ ਦੇ ਨਾਲ ਹੀ ਮਾਪੇ ਸਥਾਨਕ ਵਿਧਾਇਕ ਰਾਗਿਨੀ ਸਿੰਘ ਦੇ ਨਾਲ ਡੀਸੀ ਦਫ਼ਤਰ ਪੁੱਜੇ। ਇਸ ਘਟਨਾ ਨੂੰ ਮੰਦਭਾਗਾ ਅਤੇ ਸ਼ਰਮਨਾਕ ਦੱਸਦਿਆਂ ਵਿਧਾਇਕ ਰਾਗਿਨੀ ਸਿੰਘ ਨੇ ਕਿਹਾ ਕਿ ਉਹ ਮਾਪਿਆਂ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕਰਨਗੇ ਅਤੇ ਲੋੜ ਪੈਣ ਤੇ ਮੁੱਖ ਮੰਤਰੀ ਨੂੰ ਵੀ ਮਿਲਣਗੇ ।

# ਹਾਈਕੋਰਟ ਦੇ ਹੁਕਮਾਂ ਤੇ ਪ੍ਰਸ਼ਾਸ਼ਨ ਨੇ ਹਟਾਏ ਨਜਾਇਜ ਕਬਜੇ ,ਦੁਕਾਨਦਾਰਾਂ ਨੇ ਕੀਤਾ ਵਿਰੋਧ



ਬਾਬਾ ਬਕਾਲਾ ਸਾਹਿਬ, (ਲੋਕ ਬਾਣੀ) ਬਾਬਾ ਬਕਾਲਾ ਸਾਹਿਬ ਦੁਕਾਨਦਾਰਾਂ ਵੱਲੋਂ ਵਧਾਏ ਵਾਧਿਆਂ ਅਤੇ ਨਜ਼ਾਇਜ਼ ਕਬਜਿਆਂ ਨੂੰ ਲੈ ਕੇ ਮਾਣਯੋਗ ਹਾਈਕੋਰਟ ਦੇ ਹੁਕਮਾਂ ਤੇ ਪੁਲਿਸ-ਪ੍ਰਸ਼ਾਸ਼ਨ ਨੇ ਸਾਂਝੀ ਕਾਰਵਾਈ ਕਰਦੇ ਹੋਏ ਨਜਾਇਜ ਛਪਰੇ ਹਟਾਏ, ਦੁਕਾਨਾਂ ਅੱਗੇ ਪਏ ਬੇਲੋੜੇ ਸਮਾਨ ਨੂੰ ਚੁੱਕਿਆ ਗਿਆ ਅਤੇ ਫੁੱਟਪਾਥਾਂ ਨੂੰ ਜੇ.ਸੀ.ਬੀ. ਮਸ਼ੀਨ ਨਾਲ ਢਾਹਿਆ ਗਿਆ । ਇਸ ਕਾਰਵਾਈ ਦਾ ਕਈ ਦੁਕਾਨਦਾਰਾਂ ਨੇ ਸਖਤ ਵਿਰੋਧ ਵੀ ਕੀਤਾ ਅਤੇ ਕਿਹਾ ਕਿ ਇਹ ਕਾਰਵਾਈ ਬਿਲਕੁਲ ਨਜ਼ਾਇਜ ਕੀਤੀ ਜਾ ਰਹੀ ਹੈ, ਕਿਉਂਕਿ ਉਨ੍ਹਾਂ ਦੇ ਆਪਣੀ ਦੁਕਾਨ ਦੇ ਮੂਹਰੇ ਆਪਣੇ ਦਾਇਰੇ ਵਿੱਚ ਰਹਿ ਕੇ ਫੁੱਟਪਾਥ ਬਣਾਏ ਹਨ । ਇੱਥੇ ਜਿਕਰਯੋਗ ਹੈ ਕਿ ਸ੍ਰੀ ਦਰਬਾਰ ਸਾਹਿਬ ਚੌਂਕ ਤੋਂ ਮੇਨ ਗੇਟ ਤੱਕ ਸੜਕ ਦੇ ਵਿਚਕਾਰ ਖੜ੍ਹਣ ਵਾਲੇ ਵਹੀਕਲਾਂ, ਰੇਹੜੀਆਂ, ਘੜੁੱਕਿਆਂ ਅਤੇ ਦੁਕਾਨਦਾਰਾਂ ਵੱਲੋਂ ਵਧਾਏ ਬੇਲੋੜੇ ਵਾਧਿਆਂ ਅਤੇ ਨਜ਼ਾਇਜ਼ ਕਬਜਿਆਂ ਦੀ ਸਮੱਸਿਆ ਪਿਛਲੇ ਲੰਬੇ ਸਮੇਂ ਤੋਂ ਸਥਾਨਕ ਲੋਕਾਂ ਅਤੇ ਯਾਤਰੂਆਂ ਲਈ ਸਿਰਦਰਦੀ ਦਾ ਕਾਰਣ ਬਣੀ ਹੋਈ ਹੈ । ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਨੂੰ ਆਉਣ ਵਾਲੇ ਸ਼ਰਧਾਲੂ ਮੇਨ ਬਜ਼ਾਰ ਵਿੱਚ ਹੀ ਕਾਰਾਂ ਲਗਾ ਕੇ ਦਰਸ਼ਨਾਂ ਲਈ ਚਲੇ ਜਾਂਦੇ ਹਨ, ਦੁਕਾਨਦਾਰਾਂ ਦੇ ਲੱਖ ਮਨ੍ਹਾਂ ਕਰਨ ਤੇ ਵੀ ਉਕਤ ਸ਼ਰਧਾਲੂ ਸ਼ਰੇਆਮ ਬਜ਼ਾਰ ਵਿੱਚ ਹੀ ਗੱਡੀਆਂ ਖੜੀਆਂ ਕਰ ਜਾਂਦੇ ਹਨ, ਜਿਸ ਕਾਰਣ ਮੇਨ ਬਜ਼ਾਰ ਵਿੱਚ ਅਕਸਰ ਜਾਮ ਲੱਗ ਜਾਂਦਾ ਹੈ ਅਤੇ ਆਵਾਜਾਈ ਵਿੱਚ ਭਾਰੀ ਸਮੱਸਿਆ ਆਉਂਦੀ ਹੈ । ਇਸ ਸਬੰਧੀ ਸਥਾਨਕ ਦੁਕਾਨਦਾਰ ਬਲਕਾਰ ਸਿੰਘ ਵੱਲੋਂ ਇਕ ਪੁਟੀਸ਼ਨ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੂੰ ਪਾਈ ਸੀ, ਜਿਸ ਤੇ ਮਾਣਯੋਗ ਹਾਈਕੋਰਟ ਵੱਲੋਂ ਜਾਰੀ ਹੁਕਮਾਂ ਤੇ ਸਥਾਨਕ ਪ੍ਰਸ਼ਾਸ਼ਨ ਨੇ ਇਸ ਸਬੰਧੀ ਲਗਾਤਾਰ ਯਤਨ ਕੀਤੇ ਅਤੇ ਮਾਣਯੋਗ ਹਾਈਕੋਰਟ ਦੇ ਹੁਕਮਾਂ ਸਬੰਧੀ ਸਥਾਨਕ ਬਜ਼ਾਰ ਨਾਲ ਸਬੰਧਿਤ ਦੁਕਾਨਦਾਰਾਂ ਨੂੰ ਜਾਣੂ ਕਰਵਾਇਆ ਗਿਆ । ਅੱਜ ਮਾਣਯੋਗ ਹਾਈਕੋਰਟ ਦੇ ਹੁਕਮਾਂ ਤੇ ਤਹਿਸੀਲਦਾਰ ਸੁਖਦੇਵ ਕੁਮਾਰ ਬੰਗੜ, ਈ.ਓ. ਵਿਜੈ ਡੋਗਰਾ ਅਤੇ ਐਸ. ਐਚ.ਓ. ਗਗਨਦੀਪ ਸਿੰਘ ਬਿਆਸ ਦੀ ਅਗਵਾਈ ਹੇਠ ਪੁਲਿਸ-ਪ੍ਰਸ਼ਾਸ਼ਨ ਅਤੇ ਨਗਰ ਪੰਚਾਇਤ ਦੇ ਸਮੂਹ ਕਰਮਚਾਰੀਆਂ ਨੇ ਬਜ਼ਾਰ ਵਿੱਚ ਨਜ਼ਾਇਜ ਵਾਧਿਆਂ ਦੀ ਰੋਕਥਾਮ ਲਈ ਕਾਰਵਾਈ ਕਰਕੇ ਨਜਾਇਜ ਵਧੇ ਹੋਏ ਛਪਰੇ ਅਤੇ ਦੁਕਾਨਾਂ ਦੇ ਅੱਗੇ ਵਾਧੂ ਪਏ ਸਮਾਨ ਨੂੰ ਚੁੱਕਕੇ ਆਪਣੇ ਕਬਜੇ ਵਿੱਚ ਲੈ ਲਿਆ ਅਤੇ ਫੁੱਟਪਾਥ ਨੂੰ ਪੀਲੇ ਪੰਜੇ ਨਾਲ ਤੋੜ ਦਿੱਤਾ ਗਿਆ । ਜਿਸਦਾ ਦੁਕਾਨਦਾਰਾਂ ਨੇ ਭਾਰੀ ਵਿਰੋਧ ਕੀਤਾ, ਇੱਥੋਂ ਤੱਕ ਕਿ ਜਦ ਇਕ ਦੁਕਾਨਦਾਰ ਦੀਪਕ ਸਿੰਘ ਬੀ.ਡੀ.ਓ.ਦੀ ਹੱਟੀ ਦੀ ਦੁਕਾਨ ਅੱਗੇ ਬਣੀ ਥੜੀ ਤੋੜਣ ਲੱਗੇ ਤਾਂ ਉਸ ਨੇ ਆਪਣੇ ਉੱਪਰ ਮਿੱਟੀ ਦਾ ਤੇਲ ਪਾ ਲਿਆ ਜਦ ਉਹ ਅੱਗ ਲਾਉਣ ਲੱਗਾ ਤਾਂ ਉਸਨੂੰ ਸਥਾਨਕ ਦੁਕਾਨਦਾਰਾਂ ਨੇ ਫੜ ਲਿਆ ਅਤੇ ਉਸਦਾ ਜਾਨੀ ਨੁਕਸਾਨ ਹੋਣੋਂ ਬਚ ਗਿਆ, ਇਸੇ ਤਰ੍ਹਾਂ ਦੁਕਾਨਦਾਰਾਂ ਦੀਆਂ ਦੁਕਾਨਾਂ ਅੱਗੇ ਸੰਗਮਰਮਰ ਦੀਆਂ ਬਣੀਆਂ ਕੀਮਤੀ ਥੜੀਆਂ ਵੀ ਤੋੜ ਦਿੱਤੀਆਂ ਗਈਆਂ, ਜਿਸਦਾ ਦੁਕਾਨਦਾਰਾਂ ਨੇ ਵਿਰੋਧ ਕੀਤਾ, ਪਰ ਉਨ੍ਹਾਂ ਦੀ ਪੇਸ਼ ਨਾ ਚਲ ਸਕੀ, ਦੁਕਾਨਦਾਰ ਹਾਈਕੋਰਟ ਸ਼ਿਕਾਇਤ ਕਰਨ ਵਾਲੇ ਨੂੰ ਵੀ ਜੰਮਕੇ ਕੋਸ ਰਹੇ ਸਨ, ਜਿਸਦੀ ਬਦੌਲਤ ਉਨ੍ਹਾਂ ਦੀ ਰੋਜੀ ਰੋਟੀ ਨੂੰ ਵੀ ਖਤਰਾ ਪੈਦਾ ਹੋ ਗਿਆ ਹੈ ।

# ICC ਚੈਂਪੀਅਨਜ਼ ਟਰਾਫੀ ਲਈ ਨਿਊਜ਼ੀਲੈਂਡ ਦੀ ਟੀਮ ਦਾ ਐਲਾਨ, ਸੈਂਟਨਰ ਕਰਨਗੇ ਕਪਤਾਨੀ



(ਲੋਕ ਬਾਣੀ) ਨਿਊਜ਼ੀਲੈਂਡ ਕ੍ਰਿਕਟ ਟੀਮ ਨੇ ਆਈਸੀਸੀ ਚੈਂਪੀਅਨਜ਼ ਟਰਾਫੀ 2025 ਲਈ ਆਪਣੀ 15 ਮੈਂਬਰੀ ਟੀਮ ਦਾ ਐਲਾਨ ਕਰ ਦਿੱਤਾ ਹੈ। ਸਪਿਨ ਆਲਰਾਊਂਡਰ ਮਿਸ਼ੇਲ ਸੈਂਟਨਰ ਚੈਂਪੀਅਨਜ਼ ਟਰਾਫੀ ਚ ਨਿਊਜ਼ੀਲੈਂਡ ਟੀਮ ਦੀ ਕਪਤਾਨੀ ਕਰਨਗੇ। ਸਾਬਕਾ ਕਪਤਾਨ ਅਤੇ ਅਨੁਭਵੀ ਬੱਲੇਬਾਜ਼ ਕੇਨ ਵਿਲੀਅਮਸਨ ਨੂੰ ਵੀ ਟੀਮ ਚ ਜਗ੍ਹਾ ਮਿਲੀ ਹੈ।

ਵਿਲੀਅਮਸਨ ਦੀ 14 ਮਹੀਨਿਆਂ ਬਾਅਦ ਵਨਡੇ ਟੀਮ ਚ ਵਾਪਸੀ ਹੋਈ ਹੈ। ਉਸਨੇ ਆਪਣੇ ਦੇਸ਼ ਲਈ ਆਪਣਾ ਆਖਰੀ ਵਨਡੇ ਮੈਚ ਨਵੰਬਰ ਵਿੱਚ ਆਯੋਜਿਤ ਇੱਕ ਰੋਜ਼ਾ ਵਿਸ਼ਵ ਕੱਪ-2023 ਦੇ ਸੈਮੀਫਾਈਨਲ ਵਿੱਚ ਖੇਡਿਆ ਸੀ।

ਆਈਸੀਸੀ ਚੈਂਪੀਅਨਜ਼ ਟਰਾਫੀ 19 ਫਰਵਰੀ ਤੋਂ ਸ਼ੁਰੂ ਹੋਵੇਗੀ। ਨਿਊਜ਼ੀਲੈਂਡ ਆਪਣਾ ਪਹਿਲਾ ਮੈਚ 19 ਫਰਵਰੀ ਨੂੰ ਪਾਕਿਸਤਾਨ ਖਿਲਾਫ ਖੇਡੇਗਾ। ਟੂਰਨਾਮੈਂਟ ਦੀ ਸ਼ੁਰੂਆਤ ਇਸ ਮੈਚ ਨਾਲ ਹੋਵੇਗੀ।

# ਚੈਪੀਅਨਸ ਟਰੌਫੀ ਤੋਂ ਪਹਿਲਾ ਬੰਗਲਾਦੇਸ਼ ਟੀਮ ਨੂੰ ਵੱਡਾ ਝਟਕਾ, ਤਮੀਮ ਇਕਬਾਲ ਨੇ ਅੰਤਰਰਾਸ਼ਟਰੀ ਕ੍ਰਿਕਟ ਤੋਂ ਲਿਆ ਸੰਨਿਆਸ



(ਲੋਕ ਬਾਣੀ) ਚੈਪੀਅਨਸ ਟਰੌਫੀ ਤੋਂ ਪਹਿਲਾ ਬੰਗਲਾਦੇਸ਼ ਦੀ ਕ੍ਰਿਕਟ ਟੀਮ ਨੂੰ ਵੱਡਾ ਝਟਕਾ ਲੱਗਿਆ ਹੈਲਈ ਬੰਗਲਾਦੇਸ਼ ਦੇ ਸਾਬਕਾ ਕਪਤਾਨ ਤਮੀਮ ਇਕਬਾਲ ਨੇ ਫਿਰ ਤੋਂ ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਹੈ। ਇਹ ਦੂਜੀ ਵਾਰ ਹੈ ਜਦੋਂ ਉਨ੍ਹਾਂ ਨੇ ਆਪਣੇ ਕਰੀਅਰ ਨੂੰ ਅਲਵਿਦਾ ਕਿਹਾ ਹੈ। ਤਮੀਮ ਨੇ ਵੀ ਜੁਲਾਈ 2023 ਚ ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਸੀ ਪਰ 24 ਘੰਟਿਆਂ ਦੇ ਅੰਦਰ ਆਪਣਾ ਫੈਸਲਾ ਬਦਲ ਲਿਆ।

ਤਮੀਮ ਨੇ ਹਾਲ ਹੀ ਚ ਰਾਸ਼ਟਰੀ ਚੋਣ ਪੈਨਲ ਨਾਲ ਮੁਲਾਕਾਤ ਕੀਤੀ ਸੀ। ਆਈਸੀਸੀ ਚੈਂਪੀਅਨਜ਼ ਟਰਾਫੀ ਲਈ ਟੀਮ ਦਾ ਐਲਾਨ ਹੋਣ ਤੋਂ ਪਹਿਲਾਂ ਹੀ ਉਹ ਸੰਨਿਆਸ ਲੈ ਗਿਆ ਸੀ।

ਤਮੀਮ ਨੇ ਸਤੰਬਰ 2023 ਵਿੱਚ ਬੰਗਲਾਦੇਸ਼ ਲਈ ਆਪਣਾ ਆਖਰੀ ਮੈਚ ਖੇਡਿਆ ਸੀ। ਉਸਨੇ ਫਰਵਰੀ 2007 ਵਿੱਚ ਜ਼ਿੰਬਾਬਵੇ ਦੇ ਖਿਲਾਫ ਇੱਕ ਵਨਡੇ ਮੈਚ ਵਿੱਚ ਆਪਣੇ ਅੰਤਰਰਾਸ਼ਟਰੀ ਕਰੀਅਰ ਦੀ ਸ਼ੁਰੂਆਤ ਕੀਤੀ।

# ਕਿਸਾਨ ਮਜਦੂਰ ਸੰਘਰਸ਼ ਦੀ ਹਮਾਇਤ ਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ




ਫਗਵਾੜਾ (ਸੁਸ਼ੀਲ ਸ਼ਰਮਾ) ਸ਼ੰਭੂ ਅਤੇ ਖਨੌਰੀ ਬਾਰਡਰਾਂ ਉਤੇ ਚੱਲ ਰਹੇ ਕਿਸਾਨ ਮਜਦੂਰ ਸੰਘਰਸ਼ ਨਾਲ ਇਕਜੁਟਤਾ ਜਾਹਰ ਕਰਦੇ ਹੋਏ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਫਗਵਾੜਾ ਦੀ ਅਗਵਾਈ ਵਿੱਚ ਸਾਥੀਆਂ ਨੇ ਫਗਵਾੜਾ ਰੈਸਟ ਹਾਊਸ ਦੇ ਸਾਹਮਣੇ ਜੀ.ਟੀ.ਰੋਡ ਕਿਨਾਰੇ ਮਨੁੱਖੀ ਚੇਨ ਬਣਾਕੇ ਪ੍ਰਦਰਸ਼ਨ ਕੀਤਾ ਅਤੇ ਕੇਂਦਰ ਸਰਕਾਰ ਦੇ ਕਿਸਾਨ ਮਜਦੂਰ ਵਿਰੋਧੀ ਰਵਈਏ ਵਿਰੁੱਧ ਜੋਰਦਾਰ ਨਾਅਰੇਬਾਜੀ ਕੀਤੀ । ਇਕੱਠ ਨੇ ਰੈਸਟ ਹਾਊਸ ਸਾਹਮਣੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ। ਜਸਵਿੰਦਰ ਸਿੰਘ,ਸੁਖਦੇਵ ਸਿੰਘ,ਗੁਰਮੁਖ ਸਿੰਘ,ਅਵਿਨਾਸ਼ ਹਰਦਾਸਪੁਰ,ਹਰਚਰਨ ਭਾਰਤੀ, ਮਹਿੰਦਰਪਾਲ ਇੰਦਨਾ,ਅਮਰਜੀਤ ਮੇਹਲੀ ਨੇ ਸੰਬੋਧਨ ਕਰਦੇ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟਾਂ ਤੇ ਸਾਮਰਾਜੀ ਤਾਕਤਾਂ ਦੇ ਹੱਥਾਂ ਵਿੱਚ ਖੇਡ ਰਹੀ ਹੈ ਉਨਾਂ ਦੇ ਹਿਤਾਂ ਲਈ ਕੰਮ ਕਰ ਰਹੀ ਹੈ। ਜਿਸ ਦਾ ਪ੍ਰਮਾਣ ਹੈ ਕਿ ਦੇਸ਼ ਦੀ ਰਾਜਧਾਨੀ ਦਿੱਲੀ ਜਾ ਰਹੇ ਕਿਸਾਨਾਂ ਮਜਦੂਰਾਂ ਨੂੰ ਪਿਛਲੇ ਗਿਆਰਾਂ ਮਹੀਨਿਆਂ ਤੋਂ ਸ਼ੰਭੂ ਖਨੌਰੀ ਬਾਰਡਰਾਂ ਉਤੇ ਦੀਵਾਰਾਂ ਬਣਾ ਕੇ ਅਤੇ ਲਾਠੀ ਗੋਲੀ ਦੀ ਤਾਕਤ ਨਾਲ ਰੋਕਿਆ ਹੋਇਆ ਹੈ। ਸਰਕਾਰ ਦੇ ਪੁਲਸੀਆ ਜਬਰ ਨਾਲ ਹੁਣ ਤੱਕ ਇਕ ਕਿਸਾਨ ਦੀ ਮੌਤ ਹੋਈ,ਕਈਆਂ ਦੀਆਂ ਅੱਖਾਂ ਗਈਆ ਅਤੇ ਸੈਕੜਿਆਂ ਦਾ ਗਿਣਤੀ ਵਿੱਚ ਤੱਕ ਜਖਮੀ ਹੋਏ ਹਨ। ਸਰਕਾਰ ਲੋਕਾਂ ਦੀ ਗੱਲ ਸੁਣਨ ਦੀ ਬਜਾਏ ਕਾਰਪੋਰੇਟਾਂ ਦੇ ਹਿਤਾਂ ਨੂੰ ਪਹਿਲ ਰਹੀ ਹੈ । ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ ਉਤੇ ਬੈਠਾ ਮਰਨ ਕਿਨਾਰੇ ਪਹੁੰਚ ਗਿਆ ਪਰ ਸਰਕਾਰ ਗੱਲਬਾਤ ਕਰਨ ਲਈ ਵੀ ਤਿਆਰ ਨਹੀਂ। ਸਰਕਾਰ ਦਾ ਕਿਸਾਨਾ ਮਜਦੂਰਾ ਨਾਲ ਅਜਿਹਾ ਵਿਹਾਰ ਲੋਕ ਵਿਰੋਧੀ ਹੈ। ਇਕੱਠ ਨੇ ਸਰਕਾਰ ਤੋਂ ਮੰਗ ਕੀਤੀ ਕਿ ਸੰਘਰਸ਼ ਚ ਸ਼ਾਮਲ ਕਿਸਾਨ ਮਜਦੂਰ ਜਥੇਬੰਦੀਆਂ ਦੇ ਆਗੂਆਂ ਨਾਲ ਕੇਂਦਰ ਸਰਕਾਰ ਗੱਲਬਾਤ ਕਰਕੇ ਉਨਾਂ ਦੇ ਮਸਲੇ ਹੱਲ ਕਰੇ ਅਤੇ ਕਿਸਾਨ ਆਗੂ ਡੱਲੇਵਾਲ ਦੀ ਮਰਨ ਵਰਤ ਖਤਮ ਕਰਵਾਏ।

# ਪਿੰਦੂ ਜੌਹਲ ਵਲੋਂ 5100 ਨਵਜੰਮੀਆਂ ਬੱਚੀਆਂ ਦੇ ਸਤਿਕਾਰ 'ਚ 'ਧੀਆਂ ਦੀ ਲੋਹੜੀ' ਸਮਾਗਮ ਕਰਵਾਉਣਾ ਸ਼ਲਾਘਾਯੋਗ - ਅਸ਼ੋਕ ਭਾਟੀਆ



ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਅੱਜ ਜੌਹਲ ਫਾਰਮ ਪਿੰਡ ਘੁੜਕਾ ਵਿਖੇ ਪਿੰਦੂ ਜੌਹਲ ਅਤੇ ਅਮਰੀਕ ਸਿੰਘ ਸੈਣੀ ਵਲੋਂ ਕਰਵਾਏ 'ਧੀਆਂ ਦੀ ਲੋਹੜੀ' ਸਮਾਗਮ ਵਿਚ ਸਾਥੀਆਂ ਸਮੇਤ ਸ਼ਾਮਲ ਹੋਏ। ਇਸ ਦੌਰਾਨ ਉਹਨਾਂ ਨੇ ਪਿੰਦੂ ਜੌਹਲ ਅਤੇ ਅਮਰੀਕ ਸਿੰਘ ਸੈਣੀ ਵਲੋਂ 5100 ਨਵਜੰਮੀਆਂ ਬੱਚੀਆਂ ਦੀ ਲੋਹੜੀ ਪਾਉਣ ਲਈ ਸ਼ਾਨਦਾਰ ਸਮਾਗਮ ਕਰਵਾਉਣ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਨਾਲ ਸਮਾਜ ਨੂੰ ਭਰੂਣ ਹੱਤਿਆ ਵਰਗੀ ਬੁਰਾਈ ਦਾ ਖਿਆਲ ਵੀ ਮਨ ਵਿਚ ਨਾ ਲਿਆਉਣ ਅਤੇ ਧੀਆਂ ਨੂੰ ਵੀ ਜਿੰਦਗੀ ਵਿਚ ਪੜ੍ਹਾ-ਲਿਖਾ ਕੇ ਅੱਗੇ ਵਧਣ ਦੇ ਬਰਾਬਰ ਮੌਕੇ ਦੇਣ ਦੀ ਸੇਧ ਮਿਲੇਗੀ। ਉਹਨਾਂ ਦੱਸਿਆ ਕਿ ਸਮਾਗਮ ਦੌਰਾਨ ਨਾਮਵਰ ਗਾਇਕ ਹੰਸਰਾਜ ਹੰਸ, ਮਨਮੋਹਨ ਵਾਰਸ ਅਤੇ ਬ੍ਰਦਰਜ ਸਮੇਤ ਹੋਰ ਬਹੁਤ ਹੀ ਨਾਮਵਰ ਸ਼ਖਸੀਅਤਾਂ ਨੇ ਸ਼ਾਮਲ ਹੋ ਕੇ ਨਵਜੰਮੀਆਂ ਬੱਚੀਆਂ ਅਤੇ ਉਹਨਾਂ ਦੇ ਮਾਪਿਆਂ ਦਾ ਸਤਿਕਾਰ ਵਧਾਇਆ। ਅਸ਼ੋਕ ਭਾਟੀਆ ਦੇ ਨਾਲ ਸਮਾਗਮ ਵਿਚ ਪਹੁੰਚੇ ਆਪ ਪਾਰਟੀ ਦੇ ਜਿਲ੍ਹਾ ਕੈਸ਼ੀਅਰ ਹਰੀਓਮ ਗੁਪਤਾ, ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ, ਬਲਾਕ ਪ੍ਰਧਾਨ ਜੋਗਿੰਦਰ ਪਾਲ ਬੇਦੀ, ਕੁਲਵਿੰਦਰ ਚੱਠਾ ਅਤੇ ਸਤੀਸ਼ ਸਹੋਤਾ ਨੇ ਵੀ ਪਿੰਦੂ ਜੌਹਲ ਅਤੇ ਅਮਰੀਕ ਸਿੰਘ ਸੈਣੀ ਵਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ

# ਜੀ.ਡੀ.ਆਰ.ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਨਾਇਆ ਗਿਆ ਰਾਸ਼ਟਰੀ ਯੁਵਾ ਦਿਵਸ ਅਤੇ ਲੋਹੜੀ ਦਾ ਤਿਉਹਾਰ




ਫਗਵਾੜਾ (ਸੁਸ਼ੀਲ ਸ਼ਰਮਾ) ਜੀ.ਡੀ.ਆਰ.ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ,ਹੁਸ਼ਿਆਰਪੁਰ ਰੋਡ,ਫਗਵਾੜਾ ਵਿਖੇ ਰਾਸ਼ਟਰੀ ਯੁਵਾ ਦਿਵਸ ਅਤੇ ਲੋਹੜੀ ਦੇ ਤਿਉਹਾਰ ਨੂੰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦਿਨ ਸਕੂਲ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਲੋਟਸ ਸਦਨ ਦੇ ਇੰਚਾਰਜ ਮੈਡਮ ਨਵਜੋਤ ਕੌਰ ਦੀ ਅਗਵਾਈ ਵਿੱਚ ਕੀਤਾ ਗਿਆ। ਇਸ ਦੀ ਸ਼ੁਰੂਆਤ ਗੁਰੂ ਮੰਤਰ ਨਾਲ ਹੋਈ ਅਤੇ ਵਿਦਿਆਰਥੀਆਂ ਨੇ ਭਜਨ ਗਾਇਨ ਕੀਤਾ। ਛੇਵੀਂ ਜਮਾਤ ਦੀ ਰਮਨਦੀਪ ਕੌਰ ਨੇ ਸਵੇਰ ਦਾ ਵਿਚਾਰ ਪੇਸ਼ ਕੀਤਾ। ਰਾਸ਼ਟਰੀ ਯੁਵਾ ਦਿਵਸ ਉੱਪਰ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਤਵੀਂ ਜਮਾਤ ਦੀ ਹਰਨੂਰ ਕੌਰ ਨੇ ਕਿਹਾ ਕਿ ਇਹ ਦਿਨ ਸਵਾਮੀ ਵਿਵੇਕਾਨੰਦ ਜੀ ਦੀ ਜਨਮ ਤਰੀਕ 12 ਜਨਵਰੀ ਨੂੰ ਸਮਰਪਿਤ ਹੈ। ਸਵਾਮੀ ਵਿਵੇਕਾਨੰਦ ਜੀ ਨੇ ਕਿਹਾ ਸੀ ਕਿ ਯੁਵਾਵਾਂ ਦੇ ਮਨ ਵਿੱਚ ਸ਼ਕਤੀ ਹੈ ਜੋ ਦੁਨੀਆਂ ਬਦਲ ਸਕਦੀ ਹੈ। ਸਾਨੂੰ ਸਾਰਿਆਂ ਨੂੰ ਉਹਨਾਂ ਦੁਆਰਾ ਦੱਸੇ ਗਏ ਸਿਧਾਂਤਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਸਵਾਮੀ ਜੀ ਦੇਸ਼ ਦੇ ਮਹਾਨ ਸਮਾਜ ਸੇਵਕ ਸਨ। ਉਹ ਨੌਜਵਾਨਾਂ ਨੂੰ ਭਵਿੱਖ ਦੇ ਨਿਰਮਾਤਾ ਮੰਨਦੇ ਸਨ। ਭਾਰਤ ਸਰਕਾਰ ਨੇ ਪਹਿਲੀ ਵਾਰ 1985 ਈ. ਵਿੱਚ ਇਹ ਦਿਨ ਮਨਾਉਣਾ ਸ਼ੁਰੂ ਕੀਤਾ ਸੀ। ਉਹਨਾਂ ਨੇ ਇੱਕ ਰਾਸ਼ਟਰ ਦੇ ਨਿਰਮਾਣ ਵਿੱਚ ਸਿੱਖਿਆ ਦੀ ਮਹੱਤਤਾ ਦਾ ਪ੍ਰਚਾਰ ਕੀਤਾ। ਇਸ ਦਿਨ ਦਾ ਮੁੱਖ ਉਦੇਸ਼ ਭਾਰਤ ਦੇ ਨੌਜਵਾਨਾਂ ਨੂੰ ਰਾਸ਼ਟਰੀ ਨਿਰਮਾਣ ਲਈ ਇੱਕ ਸੰਯੁਕਤ ਸ਼ਕਤੀ ਵਿੱਚ ਬਦਲਣਾ ਹੈ। ਇਸ ਦੇ ਨਾਲ ਹੀ ਤਿਉਹਾਰਾਂ ਦੀ ਮਹੱਤਤਾ ਨੂੰ ਦੱਸਦੇ ਹੋਏ ਛੇਵੀਂ ਜਮਾਤ ਦੀ ਹਰਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨਾਲ ਲੋਹੜੀ ਦੇ ਤਿਉਹਾਰ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਲੋਹੜੀ ਦਾ ਤਿਉਹਾਰ ਸਾਰੇ ਭਾਰਤ ਵਿੱਚ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਲੋਹੜੀ ਨੂੰ ਹਰ ਸਾਲ ਮਾਘ ਮਹੀਨੇ ਦੇ ਸ਼ੁਰੂ ਵਿੱਚ ਮਨਾਇਆ ਜਾਂਦਾ ਹੈ। ਇਹ ਤਿਉਹਾਰ ਖੁਸ਼ੀ,ਭਾਈਚਾਰੇ ਤੇ ਸਾਂਝ ਦਾ ਪ੍ਰਤੀਕ ਹੈ। ਇਸ ਮੌਕੇ ਲੋਕ ਅੱਗ ਦੇ ਆਲੇ-ਦੁਆਲੇ ਬੈਠ ਕੇ ਤਿਲ,ਰੇਵੜੀਆਂ ਅਤੇ ਮੂੰਗਫਲੀ ਨੂੰ ਅਗਨੀ ਵਿੱਚ ਭੇਂਟ ਕਰਦੇ ਹਨ ਅਤੇ ਖਾਂਦੇ ਹਨ । ਲੋਕ ਇਕੱਠੇ ਹੋ ਕੇ ਗਿੱਧਾ, ਭੰਗੜਾ ਪਾਉਂਦੇ ਹਨ। ਇਹ ਦਿਨ ਨਵ ਵਿਆਹੇ ਜੋੜਿਆਂ ਅਤੇ ਨਵੇਂ ਜਨਮੇਂ ਬੱਚਿਆਂ ਲਈ ਖਾਸ ਮੰਨਿਆ ਜਾਂਦਾ ਹੈ। ਇਹ ਤਿਉਹਾਰ ਸਮਾਜ ਦੇ ਹਰ ਵਿਅਕਤੀ ਵਿੱਚ ਪਿਆਰ ਅਤੇ ਸਾਂਝ ਪੈਦਾ ਕਰਦਾ ਹੈ। ਬੱਚੇ ਲੋਹੜੀ ਦੇ ਗੀਤ ਗਾ ਕੇ ਹਰ ਘਰ ਵਿਚੋਂ ਲੋਹੜੀ ਮੰਗਦੇ ਹਨ। ਸਭਾ ਦੇ ਅਖੀਰ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਮਾਧਵੀ ਜੀ ਨੇ ਸਾਰਿਆਂ ਨੂੰ ਲੋਹੜੀ ਦੀਆਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਤਿਉਹਾਰ ਸਮਾਜ ਵਿੱਚ ਸਾਂਝ ਪੈਦਾ ਕਰਦੇ ਹਨ। ਉਹਨਾਂ ਕਿਹਾ ਆਓ ਸਾਰੇ ਰਲ ਕੇ ਵੱਡੇ-ਛੋਟੇ,ਅਮੀਰ-ਗਰੀਬ ਵਿੱਚ ਫਰਕ ਨਾ ਰੱਖ ਕੇ ਏਕਤਾ ਤੇ ਭਾਈਚਾਰੇ ਦਾ ਸੁਨੇਹਾ ਦੇਈਏ ਅਤੇ ਰਾਸ਼ਟਰੀ ਯੁਵਾ ਦਿਵਸ ਦੇ ਮੌਕੇ ਨੂੰ ਯਾਦਗਾਰ ਬਣਾਉਣ ਲਈ ਸਾਨੂੰ ਸਾਰਿਆਂ ਨੂੰ ਸਵਾਮੀ ਵਿਵੇਕਾਨੰਦ ਜੀ ਦੇ ਉਪਦੇਸ਼ਾਂ ਨੂੰ ਆਪਣੀ ਜ਼ਿੰਦਗੀ ਵਿੱਚ ਲਾਗੂ ਕਰਨ ਦਾ ਵਾਅਦਾ ਕਰਨਾ ਚਾਹੀਦਾ ਹੈ। ਇਸ ਤਰ੍ਹਾਂ ਅਸੀਂ ਆਪਣੇ ਸਮਾਜ ਅਤੇ ਦੇਸ਼ ਨੂੰ ਬਿਹਤਰ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਾਂ। ਉਹਨਾਂ ਨੇ ਕਿਹਾ ਕਿ ਜੀ.ਡੀ.ਆਰ.ਸੰਸਥਾ ਹਮੇਸ਼ਾ ਬੱਚਿਆਂ ਨੂੰ ਸਹੀ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਦੀ ਰਹੇਗੀ।

# ਸਿਵਲ ਸਰਜਨ ਜਲੰਧਰ ਵੱਲੋ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਦਾ ਨਿਰੀਖਣ




ਫ਼ਗਵਾੜਾ- (ਸੁਸ਼ੀਲ ਸ਼ਰਮਾ) ਸਿਵਲ ਸਰਜਨ ਜਲੰਧਰ ਡਾ.ਗੁਰਮੀਤ ਲਾਲ ਨੇ ਅੱਜ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਦਾ ਨਿਰੀਖਣ ਕੀਤਾ। ਉਨ੍ਹਾਂ ਦੇ ਨਾਲ ਜਿਲਾ ਪਰਿਵਾਰ ਭਲਾਈ ਅਫਸਰ ਡਾ.ਰਮਨ ਗੁਪਤਾ ਅਤੇ ਜਿਲਾ ਟੀਕਾਕਰਣ ਅਫਸਰ ਡਾ.ਰਾਕੇਸ਼ ਚੋਪੜਾ ਵਿਸ਼ੇਸ਼ ਤੌਰ ਤੇ ਪੁਜੇ।

ਇਸ ਦੌਰੇ ਦਾ ਮੁੱਖ ਉਦੇਸ਼ ਹਸਪਤਾਲ ਦੀ ਕਾਰਗੁਜ਼ਾਰੀ,ਸੇਵਾਵਾਂ ਦੀ ਗੁਣਵੱਤਾ ਅਤੇ ਸਰਕਾਰੀ ਮਾਪਦੰਡਾਂ ਦੀ ਪਾਲਣਾ ਦਾ ਜਾਇਜ਼ਾ ਲੈਣਾ ਸੀ।

ਇਸ ਦੌਰੇ ਦੌਰਾਨ ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਓ.ਪੀ.ਡੀ.ਸੇਵਾਵਾ,ਟੀਕਾਕਰਨ,ਲੈਬ ਸੇਵਾਵਾਂ ਅਤੇ ਫਾਰਮੇਸੀ ਵਰਗੀਆਂ ਸਹੂਲਤਾਂ ਦਾ ਗਹਿਰਾਈ ਨਾਲ ਮੁਆਇਨਾ ਕੀਤਾ। ਸਾਫ-ਸਫਾਈ,ਢਾਂਚਾਗਤ ਸਹੂਲਤਾਂ,ਉਪਕਰਨਾਂ ਦੀ ਉਪਲਬਧਤਾ ਅਤੇ ਰਿਕਾਰਡ ਰੱਖਣ ਦੀ ਪ੍ਰਕਿਰਿਆ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਲਈ ਗਈ।

ਸਿਵਲ ਸਰਜਨ ਨੇ ਸਰਕਾਰੀ ਸਕੀਮਾਂ,ਜਿਵੇਂ ਕਿ ਟੀਕਾਕਰਨ ਪ੍ਰੋਗਰਾਮ,ਮਾਤਾ-ਬੱਚੇ ਦੀ ਸਿਹਤ ਯੋਜਨਾਵਾਂ,ਤਪੇਦਿਕ ਪ੍ਰੋਗਰਾਮ ਦੇ ਲਾਗੂ ਕਰਨ ਬਾਰੇ ਖਾਸ ਧਿਆਨ ਦਿੱਤਾ ਗਿਆ।

ਸੀਨੀਅਰ ਮੈਡੀਕਲ ਅਫ਼ਸਰ ਬੜਾ ਪਿੰਡ ਡਾ.ਅਮਿਤਾ ਲੂਨਾ ਨੇ ਸਿਵਲ ਸਰਜਨ ਜਲੰਧਰ ਡਾ.ਗੁਰਮੀਤ ਲਾਲ ਨੂੰ ਹਸਪਤਾਲ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਅਤੇ ਸਟਾਫ ਦੀ ਕਮੀ ਤੋ ਜਾਣੂ ਕਰਵਾਇਆ। ਸਿਵਲ ਸਰਜਨ ਨੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਤੇ ਸਮੂਹ ਸਟਾਫ ਹਾਜ਼ਰ ਸੀ।

# ਗੁਰਦੁਆਰਾ ਕੁਟੀਆ ਸਾਹਿਬ ਆਸ਼ਰਮ ਪਿੰਡ ਉੱਚਾ ਵਿਖੇ ਕਰਵਾਇਆ 25ਵਾਂ ਸਲਾਨਾ ਬਰਸੀ ਸਮਾਗਮ

ਫਗਵਾੜਾ ( ਸੁਸ਼ੀਲ ਸ਼ਰਮਾ ) ਬ੍ਰਹਮਲੀਨ ਸ੍ਰੋਮਣੀ ਵਿਰੱਕਤ ਸ੍ਰੀਮਾਨ 108 ਸੰਤ ਦਲੇਲ ਸਿੰਘ ਜੀ ਮਹਾਰਾਜ ਅਤੇ ਬ੍ਰਹਮਲੀਨ ਸ੍ਰੀਮਾਨ ਸੰਤ ਮਲੂਕ ਸਿੰਘ ਮੋਨੀ ਜੀ ਮਹਾਰਾਜ ਦੀ ਪਵਿੱਤਰ ਯਾਦ ਵਿੱਚ 25ਵਾਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਕੁਟੀਆ ਸਾਹਿਬ ਆਸ਼ਰਮ, ਉੱਚਾ ਪਿੰਡ ਤਹਿਸੀਲ ਫਗਵਾੜਾ ਜਿਲ੍ਹਾ ਕਪੂਰਥਲਾ ਵਿਖੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸੁਖਵੀਰ ਸਿੰਘ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਅਤੇ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਕਰਵਾਇਆ ਗਿਆ। ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਜੱਥਾ ਭਾਈ ਗੁਰਪ੍ਰੀਤ ਸਿੰਘ ਖਾਲਸਾ ਅਤੇ ਸਾਥੀਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਸਰਵਣ ਕਰਵਾਇਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਇਸ ਦੌਰਾਨ ਵੱਖ-ਵੱਖ ਸੰਤ ਮਹਾਂਪੁਰਸ਼ਾਂ ਅਤੇ ਪ੍ਰਚਾਰਕਾਂ ਨੇ ਸੰਗਤਾਂ ਨੂੰ ਗੁਰਬਾਣੀ ਦੇ ਲੜ ਲੱਗਣ ਲਈ ਪ੍ਰੇਰਿਆ। ਮੁੱਖ ਸੇਵਾਦਾਰ ਬਾਬਾ ਸੁਖਵੀਰ ਸਿੰਘ ਨੇ ਦੱਸਿਆ ਕਿ ਬ੍ਰਹਮਲੀਨ ਸ੍ਰੋਮਣੀ ਵਿਰੱਕਤ ਸ੍ਰੀਮਾਨ 108 ਸੰਤ ਦਲੇਲ ਸਿੰਘ ਜੀ ਮਹਾਰਾਜ ਅਤੇ ਬ੍ਰਹਮਲੀਨ ਸ੍ਰੀਮਾਨ ਸੰਤ ਮਲੂਕ ਸਿੰਘ ਮੋਨੀ ਜੀ ਮਹਾਰਾਜ ਨੇ ਸਾਰਾ ਜੀਵਨ ਪਰਮਾਤਮਾ ਦੀ ਭਗਤੀ





ਵਿਚ ਲੀਨ ਰਹਿੰਦਿਆਂ ਦੀਨ-ਦੁਖੀਆਂ ਦੀ ਸੇਵਾ ਕਰਦਿਆਂ ਨਾਮ ਬਾਣੀ ਨਾਲ ਜੋੜਦੇ ਹੋਏ ਵਤੀਤ ਕੀਤਾ। ਸਾਨੂੰ ਉਹਨਾਂ ਦੇ ਪਾਏ ਪੂਰਨਿਆਂ ਤੇ ਚੱਲਣਾ ਚਾਹੀਦਾ ਹੈ। ਪ੍ਰਬੰਧਕਾਂ ਵਲੋਂ ਸਮੂਹ ਸਹਿਯੋਗੀਆਂ, ਸੇਵਾਦਾਰਾਂ ਅਤੇ ਪਿੰਡ ਦੇ ਨਵੇਂ ਬਣੇ ਸਰਪੰਚ ਸੁਖਵਿੰਦਰ ਸਿੰਘ ਸਮੇਤ ਹੋਰ ਪਤਵੰਤਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਚਾਹ ਪਕੌੜੇ, ਜਲੇਬੀਆਂ ਅਤੇ ਗੁਰੂ ਕਾ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪੰਚਾਇਤ ਮੈਂਬਰ ਜਸਵਿੰਦਰ ਸਿੰਘ, ਜਗਦੇਵ ਸਿੰਘ, ਸੁੱਚਾ ਰਾਮ, ਪ੍ਰੋਮਿਲਾ ਦੇਵੀ, ਸੁਰਜੀਤ ਲਾਲ, ਰਾਜਵਿੰਦਰ ਕੌਰ, ਦਰਸ਼ੀ, ਸੰਜੀਵ ਸੁਮਨ, ਰਾਜਕੁਮਾਰ, ਪਾਲਾ ਖੇੜਾ, ਮੱਲੀ ਸ਼ੋਕਰ, ਸਰਪੰਚ ਸੋਨਾ ਕਮਾਲਪੁਰ, ਸੁਰਿੰਦਰ ਸਿੰਘ ਬੱਬਾ, ਪੁਨੀਤ, ਅੰਮ੍ਰਿਤਪਾਲ, ਲੱਕੀ, ਹਰਮਨ, ਮਦਨ ਲਾਲ ਚੌਕੀਦਾਰ, ਵਿਸ਼ਾਲੀ ਐਸ.ਪੀ. ਪੁਰਤਗਾਲ, ਅਸ਼ਮੀਤ, ਕਰਨੈਲ ਸਿੰਘ, ਰਾਜਵੰਤ ਕੌਰ, ਪਰਮਜੀਤ ਕੌਰ, ਹਰਪ੍ਰੀਤ ਕੌਰ, ਕਮਲਜੀਤ ਕੌਰ, ਜੀਤੀ ਖੇੜਾ, ਰਮਨਪ੍ਰੀਤ ਕੌਰ, ਗੁਰਮੇਜ ਕੌਰ, ਰਮਨਦੀਪ ਕੌਰ, ਹਰਪਾਲ ਕੌਰ, ਰਾਜਵੀਰ ਕੌਰ, ਗੁਰਪ੍ਰੀਤ ਕੌਰ, ਸ਼ਿੰਦਰ ਕੌਰ, ਸੁਖਵਿੰਦਰ ਕੌਰ, ਜਸਵੀਰ ਕੌਰ, ਮਨਜੀਤ ਕੌਰ, ਹਰਬੰਸ ਲਾਲ, ਕੁਰਮਿੰਦਰ ਸਿੰਘ, ਕੁਲਵੀਰ ਸਿੰਘ, ਸੁਖਪ੍ਰੀਤ ਸਿੰਘ ਸੁੱਖਾ, ਰਣਜੀਤ ਕੌਰ, ਬਲਜਿੰਦਰ ਕੌਰ, ਕਿਰਨਦੀਪ ਕੌਰ, ਸ਼ਾਮ ਸਿੰਘ, ਤਰਸੇਮ ਸਿੰਘ, ਰਾਮਜੀ, ਬਲਦੇਵ ਸਿੰਘ, ਲਾਡੀ ਸਿੰਘ, ਸਿਮਰਜੀਤ ਸਿੰਘ, ਜਗਤਾਰ ਸਿੰਘ ਕੂਨਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

# ਸੰਯੁਕਤ ਕਮਿਸ਼ਨਰ ਸੁਰਿੰਦਰ ਸਿੰਘ ਵੱਲੋਂ ਨਗਰ ਨਿਗਮ ਟੈਕਨੀਕਲ ਯੂਨੀਅਨ ਦਾ ਕੈਲੰਡਰ ਰਿਲੀਜ



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਟੈਕਨੀਕਲ ਯੂਨੀਅਨ ਦਾ ਸਾਲਾਨਾ ਕਲੰਡਰ ਪ੍ਰਧਾਨ ਲਖਵਿੰਦਰ ਸਿੰਘ ਨਾਗ ਦੀ ਪ੍ਰਧਾਨਗੀ ਹੇਠ ਰਿਲੀਜ਼ ਕਰ ਦਿੱਤਾ ਗਿਆ। ਕਲੰਡਰ ਰਿਲੀਜ ਕਰਵਾਉਣ ਦੀ ਰਸਮ ਸੰਯੁਕਤ ਕਮਿਸ਼ਨਰ ਸੁਰਿੰਦਰ ਸਿੰਘ ਤੋਂ ਕਰਵਾਈ ਗਈ। ਉਨ੍ਹਾਂ ਸਾਰਿਆਂ ਨੂੰ ਨਵੇਂ ਸਾਲ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਹਰੇਕ ਕਰਮਚਾਰੀ ਨਿਗਮ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨਾਂ ਤੋਂ ਬਿਨਾਂ ਸ਼ਹਿਰ ਦਾ ਵਿਕਾਸ ਅਸੰਭਵ ਹੈ। ਇਸ ਗੱਲ ਨੂੰ ਧਿਆਨ ਚ ਰੱਖਦੇ ਹੋਏ ਉਨ੍ਹਾਂ ਦੀ ਹਰੇਕ ਸਮੱਸਿਆ ਦਾ ਤਰਜੀਹ ਦੇ ਅਧਾਰ ਤੇ ਨਿਪਟਾਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ ਨਾਗ ਨੇ ਕਿਹਾ ਕਿ ਯੂਨੀਅਨ ਹਮੇਸ਼ਾ ਨਿਗਮ ਕਰਮਚਾਰੀਆਂ ਦੀ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਤਤਪਰ ਹੈ ਅਤੇ ਹਮੇਸ਼ਾ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਰਹੇਗੀ। ਇਸ ਮੌਕੇ ਜਨਰਲ ਸਕੱਤਰ ਚਰਨਜੀਤ ਸਿੰਘ ਫਤਿਹਗੜ੍ਹ, ਮੁੱਖ ਸਲਾਹਕਾਰ ਦਲਜੀਤ ਸਿੰਘ ਜਿਜੇਆਨੀ, ਵਿਤ ਸਕੱਤਰ ਪ੍ਰਿਤਪਾਲ ਸਿੰਘ ਜਹਾਂਗੀਰ, ਬਿਕਰਮਜੀਤ ਸਿੰਘ, ਗੁਰਬਚਨ ਸਿੰਘ,ਮਨਜੀਤ ਸਿੰਘ ਬਹੋੜੂ,ਤਰਸੇਮ ਸਿੰਘ ਸਹੋਤਾ (ਸਾਰੇ ਸੀਨੀਅਰ ਮੀਤ ਪ੍ਰਧਾਨ),ਸੁਖਵਿੰਦਰ ਸਿੰਘ ਵੇਰਕਾ, ਲਖਵਿੰਦਰ ਸਿੰਘ ਨਾਗੀ,ਬਲਜੀਤ ਸਿੰਘ,ਸਰਬਜੀਤ ਸਿੰਘ ਸੈਣੀ, ਸੁਖਜੀਤ ਸਿੰਘ,ਸਰਦੂਲ ਸਿੰਘ,ਰਮਨ ਕੁਮਾਰ,ਸੁਖਜਿੰਦਰ ਸਿੰਘ (ਸਾਰੇ ਸਲਾਹਕਾਰ),ਮਹੇਸ਼ ਕੁਮਾਰ,ਅੰਮ੍ਰਿਤਪਾਲ ਸਿੰਘ,ਲਖਬੀਰ ਸਿੰਘ ਫਤਿਹਗੜ੍ਹ, ਬਾਬਾ ਮਨਬੀਰ ਸਿੰਘ,ਕੁਲਬੀਰ ਸਿੰਘ ਕਲੇਰ, ਜਗਜੀਤ ਸਿੰਘ,ਜਗੀਰ ਸਿੰਘ,ਸੰਦੀਪ ਮਹਿਤਾ,ਹਰਪਾਲ ਸਿੰਘ ਔਜਲਾ ਆਦਿ ਵੀ ਹਾਜਰ ਸਨ।

# ਜੀ.ਆਰ.ਡੀ. ਕਾਲਜ ਲਈ ਦੋਹਰੀ ਖੁਸ਼ੀ ਲੈ ਕੇ ਆਇਆ ਲੋਹੜੀ ਦਾ ਤਿਉਹਾਰ - ਡਾ. ਨੀਲਮ ਸੇਠੀ

## ਚੇਅਰਮੈਨ ਯੂ.ਸੀ. ਸਰੋਆ ਨੇ ਤਿੰਨ ਸੈੱਲਾਂ ਦਾ ਕੀਤਾ ਉਦਘਾਟਨ

ਫਗਵਾੜਾ ( ਸੁਸ਼ੀਲ ਸ਼ਰਮਾ ) ਜੀ.ਆਰ.ਡੀ. ਕੋਐਜੁਕੇਸ਼ਨ ਕਾਲਜ ਫਗਵਾੜਾ ਵਿਖੇ ਲੋਹੜੀ ਦਾ ਸੱਭਿਆਚਾਰਕ ਤਿਉਹਾਰ ਹਰ ਸਾਲ ਦੀ ਤਰ੍ਹਾਂ ਬਹੁਤ ਹੀ ਚਾਵਾਂ ਦੇ ਨਾਲ ਮਨਾਇਆ ਗਿਆ। ਜਿਸ ਵਿਚ ਜੀ.ਆਰ.ਡੀ. ਟਰੱਸਟ ਦੇ ਚੇਅਰਮੈਨ ਯੂ.ਸੀ. ਸਰੋਯਾ ਉਹਨਾਂ ਦੀ ਧਰਮ ਪਤਨੀ ਤੋਂ ਇਲਾਵਾ ਕਾਲਜ ਟਰੱਸਟ ਦੇ ਸਕੱਤਰ ਤਾਰਾ ਚੰਦ ਚੁੰਬਰ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਹਨਾਂ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਕਿਹਾ ਕਿ ਇਹ ਤਿਉਹਾਰ ਅਮੀਰ ਪੰਜਾਬੀ ਵਿਰਸੇ ਦੀ ਮੂੰਹ ਬੋਲਦੀ ਤਸਵੀਰ ਪੇਸ਼ ਕਰਦਾ ਹੈ। ਕਾਲਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਲੋਹੜੀ ਦਾ ਤਿਉਹਾਰ ਕਾਲਜ ਲਈ ਇਸ ਵਾਰ ਦੋਹਰੀ ਖੁਸ਼ੀ ਲੈ ਕੇ ਆਇਆ ਹੈ। ਕਿਉਂਕਿ ਇੱਕ ਪਾਸੇ ਜਿੱਥੇ ਲੋਹੜੀ ਦਾ ਉਤਸ਼ਾਹ ਹੈ, ਉੱਥੇ ਹੀ ਦੂਸਰੇ ਪਾਸੇ ਰਾਸ਼ਟਰੀ ਮੁਲਾਂਕਣ ਅਤੇ ਮਾਨਤਾ ਪ੍ਰੀਸ਼ਦ (ਐਨ.ਏ.ਏ.ਸੀ.) ਅਤੇ ਐਨ.ਈ.ਪੀ. 2020 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਾਇਬ੍ਰੇਰੀ ਵਿੱਚ ਟਰੱਸਟੀ ਮੈਂਬਰਾਂ ਵਲੋਂ ਤਿੰਨ ਸੈੱਲਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪਹਿਲੇ ਸੈੱਲ ਦਾ ਨਾਮ ਖੋਜ ਵਿਕਾਸ ਸੈੱਲ (ਆਰ.ਡੀ.ਸੀ.) ਹੈ। ਰਾਸ਼ਟਰੀ ਸਿੱਖਿਆ ਨੀਤੀ 2020 ਦੇ ਅਨੁਸਾਰ ਕਾਲਜਾਂ ਵਿੱਚ ਗੁਣਵੱਤਾ ਖੋਜ ਤਿਆਰ ਕਰਨਾ ਅਤੇ ਖੋਜ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਲਾਜ਼ਮੀ ਹੈ। ਇਸ ਸੈੱਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਖੋਜ ਪ੍ਰਤੀ ਦਿਲਚਸਪੀ ਪੈਦਾ ਕਰਨਾ ਅਤੇ ਯੋਗ ਵਾਤਾਵਰਣ ਦੇਣਾ ਹੈ। ਦੂਜਾ ਸੈੱਲ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ (ਆਈ.ਕਿਊ.ਏ.ਸੀ.ਸੀ.) ਹੈ। ਇਸ ਸੈੱਲ ਦਾ ਮੁੱਖ ਉਦੇਸ਼ ਉਦਯੋਗ, ਸਮਾਜ ਅਤੇ ਰਾਸ਼ਟਰ ਨੂੰ ਲਾਭ ਪਹੁੰਚਾਉਣਾ ਹੈ। ਇਸਦੀ ਸਥਾਪਨਾ ਐਨ.ਏ.ਏ.ਸੀ. ਵਲੋਂ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਤੀਸਰਾ ਸੈੱਲ ਇਨਕਿਊਬੇਸ਼ਨ ਸੈੱਲ ਹੈ। ਅੱਜ ਤੇਜ਼ ਰਫਤਾਰ ਨਾਲ ਬਦਲਦੀ ਦੁਨੀਆ ਵਿੱਚ ਜਿਵੇਂ ਲਾਇਬ੍ਰੇਰੀ ਅਤੇ ਸਰੀਰਕ ਗਤੀਵਿਧੀਆਂ ਦਾ ਸਥਾਨ ਬਹੁਤ ਜ਼ਿਆਦਾ ਹੈ, ਉਸੇ ਤਰ੍ਹਾਂ ਇਨਕਿਊਬੇਸ਼ਨ ਸੈੱਲ ਵੀ ਜ਼ਰੂਰੀ ਹੈ। ਇਹ ਨਵੀਨਤਾ ਨੂੰ ਉਤਸ਼ਾਹਿਤ ਕਰੇਗਾ ਅਤੇ ਇਸਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਐਕਸਪੋਜ਼ਰ ਦੇਣਾ ਅਤੇ ਉਹਨਾਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨਾ ਹੈ। ਇਸ ਦੌਰਾਨ ਟਰੱਸਟੀ ਮੈਂਬਰਾਂ ਵਲੋਂ ਪ੍ਰਿੰਸੀਪਲ ਮੈਡਮ ਮਿਸ ਗੁਰਜੀਤ ਕੌਰ ਨੂੰ ਯੂ.ਜੀ.ਸੀ. ਵਲੋਂ ਨਿਰਧਾਰਤ ਰਾਸ਼ਟਰੀ ਸਿੱਖਿਆ ਪਾਲਿਸੀ (ਐਨ.ਈ.ਪੀ.) ਕੋਰਸ ਪੂਰਾ ਕਰਨ ਲਈ ਖਾਸ ਤੌਰ ਤੇ ਸਨਮਾਨਿਤ ਕੀਤਾ ਗਿਆ। ਲੋਹੜੀ ਸਮਾਗਮ ਦੌਰਾਨ ਧੂਣੀ ਜਲਾਈ ਗਈ ਅਤੇ ਵਿਦਿਆਰਥੀਆਂ ਨੇ ਲੋਹੜੀ ਦੇ ਪ੍ਰਸਿੱਧ ਲੋਕਗੀਤ ਗਾਏ। ਇਸ ਮੌਕੇ ਸਮੂਹ ਕਾਲਜ ਸਟਾਫ ਅਤੇ ਵਿਦਿਆਰਥੀ ਹਾਜਰ ਸਨ।







# ਨਗਰ ਘੜੂੰਆਂ ਦੀ ਤਰੱਕੀ ਲਈ ਸਮੂਹ ਕੌਂਸਲਰ ਵਿਧਾਇਕ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਕੰਮ ਕਰਨ:ਜਗਤਾਰ ਘੜੂੰਆਂ



ਖਰੜ, (ਕਾਲਾਂ ਸੰਘ ਸੈਣੀ )- ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾਕਟਰ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਨਗਰ ਪੰਚਾਇਤ ਘੜੂੰਆਂ ਦੀ ਤਰੱਕੀ ਲਈ ਮਿਲ ਕੇ ਕੰਮ ਕਰਨਗੇ ਸਮੂਹ ਕੌਂਸਲਰ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਦੇ ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆਂ ਤੇ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਨੇ ਸਮੂਹ ਕੌਂਸਲਰਾਂ ਨਾਲ ਵਿਧਾਇਕ ਡਾਕਟਰ ਚਰਨਜੀਤ ਸਿੰਘ ਨਾਲ ਮਿਲਣ ਉਪਰੰਤ ਆਖੇ ਉਹਨਾਂ ਕਿਹਾ ਕਿ ਸਤਿਕਾਰਯੋਗ ਵਿਧਾਇਕ ਡਾਕਟਰ ਚਰਨਜੀਤ ਸਿੰਘ ਜੀ ਦੀ ਅਗਵਾਈ ਵਿੱਚ ਜੰਗੀ ਪੱਧਰ ਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਲੜੀ ਨੂੰ ਇਸੇ ਤਰ੍ਹਾਂ ਹੀ ਜਾਰੀ ਰੱਖਿਆ ਜਾਵੇਗਾ ਅਤੇ ਨਗਰ ਘੜੂੰਆਂ ਨੂੰ ਅੰਤ ਆਧੁਨਿਕ ਤਕਨੀਕਾਂ ਵਾਲਾਂ ਮਾਡਲ ਨਗਰ ਬਨਿਆ ਜਾਵੇਗਾ। ਇਸ ਮੌਕੇ ਪ੍ਰਧਾਨ ਮਨਮੀਤ ਕੌਰ ਤੇ ਜੂਨੀਅਰ ਮੀਤ ਪ੍ਰਧਾਨ ਰਿਆ ਨੇ ਹਲਕਾ ਵਿਧਾਇਕ ਡਾਕਟਰ ਚਰਨਜੀਤਂ ਸੰਘ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸਮੂਹ ਕੌਂਸਲਰਾਂ ਨਾਲ ਮਿਲਕੇ ਨਗਰ ਦੀ ਤਰੱਕੀ ਲਈ ਕੰਮ ਕਰਨਗੇ।ਇਸ ਮੌਕੇ ਉਨ੍ਹਾਂ ਨਾਲ ਮਨਦੀਪ ਸਿੰਘ ਬਲਾਕ ਪ੍ਰਧਾਨ, ਰੋਬਿਨ, ਨਰਿੰਦਰ ਸਿੰਘ, ਸੁਖਜੀਤ ਕੌਰ, ਜਸਵਿੰਦਰ ਕੌਰ,ਮਨਪ੍ਰੀਤ ਸਿੰਘ, ਗਗਨਪ੍ਰੀਤ ਸਿੰਘ,ਅਮ੍ਰਿਤਪਾਲ ਸਿੰਘ, ਜਸਵਿੰਦਰ ਕੌਰ, ਇੰਦਰਜੀਤ ਸਿੰਘ ਸਮੂਹ ਕੌਂਸਲਰ,ਸ਼ਮਸ਼ੇਰ ਸਿੰਘ, ਹਰਵਿੰਦਰ ਸਿੰਘ, ਭਗਤਾਂ, ਬਿੱਟੂ, ਰਣਜੀਤ ਸਿੰਘ, ਮੋਹਣ ਸਿੰਘ, ਇੰਦਰਜੀਤ ਸਿੰਘ, ਜਸ਼ਨਪ੍ਰੀਤ ਸਿੰਘ, ਲਾਲੀ ਪੰਚ, ਮਨਪ੍ਰੀਤ ਸਿੰਘ, ਆਦਿ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਡੀ.ਏ.ਵੀ.ਇੰਟਰਨੈਸ਼ਨਲ ਸਕੂਲ ਵਿੱਚ ਪੂਰੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਲੋਹੜੀ ਦਾ ਤਿਉਹਾਰ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡੀ.ਏ.ਵੀ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਡਾ.ਅੰਜਨਾ ਗੁਪਤਾ ਦੀ ਪ੍ਰਧਾਨਗੀ ਹੇਠ ਲੋਹੜੀ ਦਾ ਪਵਿੱਤਰ ਤਿਉਹਾਰ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਿੰਸੀਪਲ ਡਾ.ਅੰਜਨਾ ਗੁਪਤਾ ਨੇ ਸਾਰੇ ਵਿਦਿਆਰਥੀਆਂ,ਅਧਿਆਪਕਾਂ ਅਤੇ ਗੈਰ-ਅਧਿਆਪਨ ਸਟਾਫ਼ ਨੂੰ ਲੋਹੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਲੋਹੜੀ ਭਾਰਤ ਦੇ ਅਮੀਰ ਸੱਭਿਆਚਾਰ ਦਾ ਇੱਕ ਮਹੱਤਵਪੂਰਨ ਤਿਉਹਾਰ ਹੈ ਅਤੇ ਖਾਸ ਕਰਕੇ ਰੁੱਤਾਂ ਦੇ ਬਦਲਾਅ ਦਾ ਸੰਦੇਸ਼ ਦਿੰਦਾ ਹੈ। ਪੋਹ ਮਹੀਨੇ ਦੀ ਕੰਬਦੀ ਠੰਢ ਤੋਂ ਬਾਅਦ, ਜਦੋਂ ਮਾਘੀ ਦੇ ਮੌਕੇ ਤੇ ਸੂਰਜ ਉੱਤਰਾਇਣ ਵਿੱਚ ਪ੍ਰਵੇਸ਼ ਕਰਦਾ ਹੈ ਤਾਂ ਧਰਤੀ ਤੇ ਜੀਵਾਂ ਨੂੰ ਠੰਢ ਦੇ ਪ੍ਰਕੋਪ ਤੋਂ ਰਾਹਤ ਮਿਲਦੀ ਹੈ। ਮਕਰ ਸੰਕ੍ਰਾਂਤੀ ਦੀ ਪੂਰਵ ਸੰਧਿਆ ਤੇ ਅੱਗ ਬਾਲ ਕੇ ਸਰਦੀਆਂ ਦੇ ਅੰਤ ਦਾ ਸੰਦੇਸ਼ ਦਿੱਤਾ ਜਾਂਦਾ ਹੈ। ਇਸ ਦੇ ਨਾਲ, ਅਸੀਂ ਅਗਨੀਦੇਵ ਦੀ ਪੂਜਾ ਕਰਦੇ ਹਾਂ ਅਤੇ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਅਤੇ ਪਰਿਵਾਰਕ ਮੈਂਬਰਾਂ ਤੋਂ ਨਿੱਘਾ ਪਿਆਰ ਪ੍ਰਾਪਤ ਕਰਨ ਲਈ ਪ੍ਰਾਰਥਨਾ ਕਰਦੇ ਹਾਂ। ਇਹ ਤਿਉਹਾਰ ਹੰਕਾਰ, ਈਰਖਾ, ਨਫ਼ਰਤ ਆਦਿ ਦੀਆਂ ਭਾਵਨਾਵਾਂ ਨੂੰ ਅੱਗ ਵਿੱਚ ਭੇਟ ਕਰਕੇ ਇਕੱਠੇ ਜਸ਼ਨ ਮਨਾਉਣ ਅਤੇ ਪਿਆਰ ਦੀ ਭਾਵਨਾ ਨੂੰ ਵਿਕਸਤ ਕਰਨ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਤਿਉਹਾਰ ਕੋਈ ਵੀ ਹੋਵੇ, ਇਸਨੂੰ ਪੂਰੀ ਸ਼ਾਨੋ-ਸ਼ੌਕਤ ਅਤੇ ਖੁਸ਼ੀ ਨਾਲ ਮਨਾਇਆ ਜਾਣਾ ਚਾਹੀਦਾ ਹੈ ਤਾਂ ਹੀ ਸਾਡਾ ਜੀਵਨ ਖੁਸ਼ੀਆਂ ਨਾਲ ਭਰਪੂਰ ਹੋਵੇਗਾ। ਇਸ ਦਿਨ ਪਰਮਾਤਮਾ ਅੱਗੇ ਅਰਦਾਸ ਵੀ ਕੀਤੀ ਜਾਂਦੀ ਹੈ ਕਿ ਫ਼ਸਲ ਦੀ ਪੈਦਾਵਾਰ ਭਰਪੂਰ ਹੋਵੇ। ਸਾਰੇ ਘਰ ਅਨਾਜ ਦੇ ਭੰਡਾਰਾਂ ਨਾਲ ਭਰ ਜਾਣ ਅਤੇ ਦੁਨੀਆਂ ਵਿੱਚ ਕੋਈ ਵੀ ਭੁੱਖਾ ਨਾ ਰਹੇ। ਲੋਹੜੀ ਦੇ ਮੌਕੇ ਤੇ ਪਤੰਗ ਉਡਾਉਣਾ ਵੀ ਸੱਭਿਆਚਾਰ ਦਾ ਇੱਕ ਹਿੱਸਾ ਹੈ ਪਰ ਅੱਜਕੱਲ੍ਹ ਲੋਕ ਪਤੰਗ ਉਡਾਉਣ ਲਈ ਰਵਾਇਤੀ ਡੋਰ ਦੀ ਬਜਾਏ ਘਾਤਕ ਚੀਨੀ ਡੋਰ ਦੀ ਵਰਤੋਂ ਕਰਦੇ ਹਨ ਜਿਸ ਕਾਰਨ ਬਹੁਤ ਸਾਰੇ ਹਾਦਸੇ ਹੁੰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਚੀਨੀ ਦਰਵਾਜ਼ੇ ਦੀ ਵਰਤੋਂ ਨਾ ਕਰਨ ਸਗੋਂ ਰਵਾਇਤੀ ਦਰਵਾਜ਼ੇ ਦੀ ਵਰਤੋਂ ਕਰਨ। ਇਸ ਤੋਂ ਬਾਅਦ, ਵੈਦਿਕ ਮੰਤਰਾਂ ਦੇ ਜਾਪ ਨਾਲ ਲੋਹੜੀ ਦੀ ਪਵਿੱਤਰ ਅੱਗ ਜਗਾਈ ਗਈ। ਪ੍ਰਿੰਸੀਪਲ ਡਾ.ਅੰਜਨਾ ਗੁਪਤਾ, ਅਧਿਆਪਕਾਂ,ਗੈਰ-ਅਧਿਆਪਨ ਸਟਾਫ਼ ਅਤੇ ਵਿਦਿਆਰਥੀਆਂ ਨੇ ਲੋਹੜੀ ਦੀ ਪਵਿੱਤਰ ਅੱਗ ਵਿੱਚ ਮੂੰਗਫਲੀ, ਰੇਵੜੀਆਂ ਅਤੇ ਮੱਕੀ ਦੇ ਦਾਣੇ ਚੜ੍ਹਾਏ ਅਤੇ ਮਨੁੱਖੀ ਭਲਾਈ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਲੋਹੜੀ ਦੇ ਗੀਤ ਗਾਏ ਗਏ। ਸਾਰਿਆਂ ਨੇ ਮਿਲ ਕੇ ਪੰਜਾਬੀ ਲੋਕ ਗੀਤਾਂ ਤੇ ਨੱਚ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਮੂੰਗਫਲੀ ਦੀਆਂ ਰੇਵੜੀਆਂ ਵੀ ਖਾਧੀਆਂ।

ਰੋਜ਼ਾਨਾ ਲੋਕ ਬਾਣੀ
www.lokbani

# ਭਾਜਪਾ ਆਗੂ ਅਮਨਪ੍ਰੀਤ ਕੌਰ ਰਾਏ ਨੇ ਪਿੰਡ ਮੰਦਵਾੜਾ ਵਿਖੇ ਪਾਰਟੀ ਨੀਤੀਆਂ ਦੀ ਦਿੱਤੀ ਜਾਣਕਾਰੀ



ਖਰੜ, (ਕਾਲਾਂ ਸਿੰਘ ਸੈਣੀ )- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਰੂਪਨਗਰ ਦੇ ਸੀਨੀਅਰ ਮੀਤ ਪ੍ਰਧਾਨ ਬੀਬਾ ਅਮਨਪ੍ਰੀਤ ਕੌਰ ਰਾਏ ਨੇ ਪਿੰਡ ਮੰਦਵਾੜਾ ਵਿਖੇ ਲੋਕਾਂ ਨਾਲ ਇੱਕ ਮੀਟਿੰਗ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਦੀ ਜਾਣਕਾਰੀ ਲਈ। ਇਸ ਮੌਕੇ ਸਾਬਕਾ ਵਿਧਾਇਕ ਸ਼ਮਸ਼ੇਰ ਸਿੰਘ ਰਾਏ ਵੀ ਉਨਾਂ ਦੇ ਨਾਲ ਸ਼ਾਮਿਲ ਸਨ। ਇਸ ਮੀਟਿੰਗ ਦੌਰਾਨ ਉਨਾਂ ਨੇ ਲੋਕਾਂ ਨੂੰ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਸੁਵਿਧਾਵਾਂ ਆਯੂਸ਼ਮਾਨ ਕਾਰਡ, ਕਿਸਾਨ ਸੰਮਾਨ ਨਿਧੀ, ਆਵਾਸ ਯੋਜਨਾ ਅਤੇ ਪੈਨਸ਼ਨ ਆਦਿ ਦੀ ਜਾਣਕਾਰੀ ਦਿੱਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬੀਬੀ ਅਮਨਪ੍ਰੀਤ ਕੌਰ ਰਾਏ ਨੇ ਦੱਸਿਆ ਕਿ ਇਸ ਮੌਕੇ ਤੇ ਉਹਨਾਂ ਕੇਂਦਰ ਸਰਕਾਰ ਦੀਆਂ ਮਹਿਲਾ ਸਸ਼ਕਤੀਕਰਨ ਬਾਰੇ ਸਕੀਮਾਂ ਦੀ ਜਾਣਕਾਰੀ ਦਿੱਤੀ ਅਤੇ ਪਿੰਡ ਵਾਸੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਭਾਰਤੀ ਜਨਤਾ ਪਾਰਟੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸਰਪੰਚ ਕੈਪਟਨ ਜੋਗਿੰਦਰ ਸਿੰਘ, ਸ਼ਮਸ਼ੇਰ ਸਿੰਘ ਰਾਣਾ, ਨੰਬਰਦਾਰ ਜਗਦੀਸ਼ ਸਿੰਘ, ਜੋਗਿੰਦਰ ਸਿੰਘ, ਦਰਸ਼ਨ ਸਿੰਘ ਜਨਰਲ ਸਕੱਤਰ ਭਾਰਤੀ ਜਨਤਾ ਪਾਰਟੀ ਬਲਾਕ ਮੰਦਵਾੜਾ, ਸ਼ੇਰ ਸਿੰਘ, ਸੰਚਿਤ ਸੇਠੀ ਅਤੇ ਵਿੱਕੀ ਆਦਿ ਵੀ ਸ਼ਾਮਿਲ ਸਨ।

# ਐਮ.ਐਸ.ਪੀ.ਨਾ ਦੇਣ ਲਈ ਪੰਜਾਬ ਸਰਕਾਰ ਜ਼ਿੰਮੇਵਾਰ, ਕਿਸਾਨਾਂ ਨਾਲ ਕਰ ਰਹੀ ਧੋਖਾ-ਹਰਜੀਤ ਸਿੰਘ ਗਰੇਵਾਲ



ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਆਗੂਆਂ ਵੱਲੋਂ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਦੀ ਕਾਨੂੰਨੀ ਗਰੰਟੀ ਦੀ ਮੰਗ ਗਲਤ ਹੈ ਅਤੇ ਇਸ ਨਾਲ ਪੰਜਾਬ ਦੇ ਕਿਸਾਨਾਂ ਨੂੰ ਕੋਈ ਲਾਭ ਨਹੀਂ ਹੋਵੇਗਾ,ਸਗੋਂ ਕਿਸਾਨਾਂ ਨੂੰ ਇਸ ਬਾਰੇ ਸੋਚਣਾ ਚਾਹੀਦਾ ਹੈ9 ਉਹਨਾਂ ਕਿਹਾ ਕਿ ਕਿਸਨਾਂ ਨੂੰ ਸਹੀ ਮੰਗਾਂ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਨੂੰ ਪੂਰਾ ਨਾ ਕਰਨ ਨਾਲ ਕਿਸਾਨਾਂ ਨੂੰ ਭਾਰੀ ਵਿੱਤੀ ਨੁਕਸਾਨ ਹੋਵੇਗਾ।

ਹਰਜੀਤ ਸਿੰਘ ਗਰੇਵਾਲ ਨੇ ਆਪਣੀ ਪ੍ਰੈਸ ਰਿਲੀਜ਼ ਵਿੱਚ ਭਾਜਪਾ ਪੰਜਾਬ ਸੂਬਾ ਪ੍ਰਧਾਨ ਸੁਨੀਲ ਜਾਖੜ ਦੇ ਬਿਆਨ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਇਸ ਵੇਲੇ ਕੇਂਦਰ ਸਰਕਾਰ ਪੰਜਾਬ ਅਤੇ ਹਰਿਆਣਾ ਵਿੱਚ ਵੱਡੀ ਮਾਤਰਾ ਵਿੱਚ ਝੋਨਾ ਅਤੇ ਕਣਕ ਖਰੀਦ ਰਹੀ ਹੈ ਅਤੇ ਇਸ ਲਈ ਕੋਈ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਐਮ.ਐਸ.ਪੀ.ਨੂੰ ਕਾਨੂੰਨੀ ਗਰੰਟੀ ਦਾ ਰੂਪ ਮਿਲਦਾ ਹੈ ਤਾਂ ਕੇਂਦਰ ਸਰਕਾਰ ਪ੍ਰਤੀ ਏਕੜ ਫਸਲ ਖਰੀਦ ਦੀ ਸੀਮਾ ਵੀ ਤੈਅ ਕਰੇਗੀ ਅਤੇ ਕੇਂਦਰ ਸਰਕਾਰ ਨੂੰ ਪੂਰੇ ਦੇਸ਼ ਤੋਂ ਖਰੀਦ ਕਰਨੀ ਪਵੇਗੀ। ਇਸ ਨਾਲ ਪੰਜਾਬ ਦੇ ਕਿਸਾਨਾਂ ਨੂੰ ਭਾਰੀ ਨੁਕਸਾਨ ਹੋਵੇਗਾ। ਕਿਉਂਕਿ ਇੱਥੇ ਸਿਰਫ਼ ਕਣਕ ਅਤੇ ਝੋਨੇ ਦੀਆਂ ਫ਼ਸਲਾਂ ਹੀ ਵੱਡੀ ਮਾਤਰਾ ਵਿੱਚ ਉਗਾਈਆਂ ਜਾਂਦੀਆਂ ਹਨ, ਜਦੋਂ ਕਿ ਦੇਸ਼ ਦੇ ਹੋਰ ਰਾਜਾਂ ਵਿੱਚ ਹੋਰ ਫ਼ਸਲਾਂ ਵੀ ਵੱਡੀ ਮਾਤਰਾ ਵਿੱਚ ਪੈਦਾ ਹੁੰਦੀਆਂ ਹਨ।

ਗਰੇਵਾਲ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਸਥਿਤੀ ਗੰਭੀਰ ਬਣੀ ਹੋਈ ਹੈ। ਅਜਿਹੀ ਸਥਿਤੀ ਵਿੱਚ, ਪੰਜਾਬ ਦੇ ਕਿਸਾਨਾਂ ਨੂੰ ਝੋਨੇ ਅਤੇ ਕਣਕ ਤੋਂ ਇਲਾਵਾ ਹੋਰ ਵਿਕਲਪਿਕ ਫਸਲਾਂ ਦੀ ਜ਼ਰੂਰਤ ਹੈ, ਤਾਂ ਜੋ ਉਹ ਪ੍ਰਤੀ ਏਕੜ ਝੋਨੇ ਅਤੇ ਕਣਕ ਤੋਂ ਹੋਣ ਵਾਲੀ ਆਮਦਨ ਦੇ ਬਰਾਬਰ ਆਮਦਨ ਕਮਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਤੁਰੰਤ ਪੰਜਾਬ ਵਿਧਾਨਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣਾ ਚਾਹੀਦਾ ਹੈ ਤਾਂ ਜੋ ਐਮ.ਐਸ.ਪੀ.ਦੀ ਕਾਨੂੰਨੀ ਗਰੰਟੀ ਦੀ ਮੰਗ ਤੇ ਵਿਸਥਾਰ ਨਾਲ ਚਰਚਾ ਕੀਤੀ ਜਾ ਸਕੇ। ਇਸ ਨਾਲ ਪੰਜਾਬ ਨੂੰ ਕੋਈ ਫਾਇਦਾ ਨਹੀਂ ਹੋਵੇਗਾ,ਸਗੋਂ ਵੱਡਾ ਨੁਕਸਾਨ ਹੋਵੇਗਾ।

ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਭਾਵੇਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਅਤੇ ਕਿਸਾਨਾਂ ਨੇ ਕੇਂਦਰ ਦੀ ਖੇਤੀਬਾੜੀ ਨੀਤੀ ਨੂੰ ਰੱਦ ਕਰ ਦਿੱਤਾ ਹੈ, ਪਰ ਪੰਜਾਬ ਸਰਕਾਰ ਆਪਣੀ ਖੇਤੀਬਾੜੀ ਨੀਤੀ ਕਿਉਂ ਨਹੀਂ ਬਣਾ ਰਹੀ ? ਕਿਉਂਕਿ ਖੇਤੀਬਾੜੀ ਨੀਤੀ ਬਣਾਉਣਾ ਰਾਜ ਸੂਚੀ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਗੁਆਂਢੀ ਰਾਜ ਹਰਿਆਣਾ ਵਿੱਚ ਕਿਸਾਨਾਂ ਨੂੰ 24 ਫਸਲਾਂ ਤੇ ਘੱਟੋ-ਘੱਟ ਸਮਰਥਨ ਮੁੱਲ ਦਿੱਤਾ ਗਿਆ ਹੈ ਅਤੇ ਇਸ ਵਾਰ ਹਰਿਆਣਾ ਸਰਕਾਰ ਨੇ ਆਪਣੇ ਕਿਸਾਨਾਂ ਨੂੰ ਸਬਜ਼ੀਆਂ ਅਤੇ ਹੋਰ ਘੱਟ ਝਾੜ ਦੇਣ ਵਾਲੀਆਂ ਫਸਲਾਂ, ਜੋ ਕਿ ਘੱਟੋ-ਘੱਟ ਸਮਰਥਨ ਮੁੱਲ ਤੇ ਵਿਕੀਆਂ ਹਨ ਅਤੇ ਜਿਸ ਨਾਲ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪਿਆ, ਦਾ ਬਕਾਇਆ ਕੇਂਦਰ ਦੀ ਮੋਦੀ ਸਰਕਾਰ ਤੋਂ 800 ਕਰੋੜ ਰੁਪਏ ਲੈ ਕੇ ਦਿੱਤਾ ਹੈ। ਕੇਂਦਰ ਸਰਕਾਰ ਨੇ ਘੱਟ ਝਾੜ ਵਾਲੀਆਂ ਫਸਲਾਂ ਲਈ ਬਜਟ 30,000 ਕਰੋੜ ਰੁਪਏ ਤੋਂ ਵਧਾ ਕੇ 60,000 ਕਰੋੜ ਰੁਪਏ ਕਰ ਦਿੱਤਾ ਹੈ। ਪਰ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਨੂੰ ਗੁੰਮਰਾਹ ਕਰ ਰਹੀ ਹੈ ਅਤੇ ਆਪਣੇ ਰਾਜਨੀਤਿਕ ਟੀਚਿਆਂ ਦੀ ਪ੍ਰਾਪਤੀ ਲਈ ਉਨ੍ਹਾਂ ਦੀ ਵਰਤੋਂ ਕਰ ਰਹੀ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਕੰਪਿਊਟਰ ਅਧਿਆਪਕਾਂ ਨੇ ਕੀਤਾ ਰੋਸ ਪ੍ਰਦਰਸ਼ਨ



ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਕੰਪਿਊਟਰ ਅਧਿਆਪਕ ਭੁੱਖ ਹੜਤਾਲ ਅਤੇ ਸੰਘਰਸ਼ ਕਮੇਟੀ ਵਲੋਂ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ ਅਤੇ ਹੋਰ ਜਾਇਜ਼ ਮੰਗਾਂ ਨੂੰ ਲੈ ਕੇ ਕੀਤੇ ਜਾ ਰਹੇ ਸੰਘਰਸ਼ ਅਤੇ ਕੰਪਿਊਟਰ ਅਧਿਆਪਕ ਆਗੂਆਂ ਵਲੋਂ ਸ਼ੁਰੂ ਕੀਤੇ ਗਏ ਮਰਨ ਵਰਤ ਦੇ ਡੇਢ ਮਹੀਨੇ ਤੋਂ ਵੀ ਵੱਧ ਸਮਾਂ ਬੀਤਣ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਵੀ ਹਾਂ ਪੱਖੀ ਹੁੰਗਾਰਾ ਨਾ ਭਰਨ ਦੇ ਰੋਸ ਵਜੋਂ ਅੱਜ ਕੰਪਿਊਟਰ ਅਧਿਆਪਕਾਂ ਵੱਲੋਂ ਪੰਜਾਬ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਦੌਰਾਨ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਨੂੰ ਤੁਰੰਤ ਮੰਨਣ ਅਤੇ ਇਹਨਾਂ ਅਧਿਆਪਕਾਂ ਨਾਲ ਗੱਲਬਾਤ ਜਲਦੀ ਕਰਕੇ ਹੱਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਅਜੇ ਕੁਮਾਰ ਮਨੀਸ਼ ਕੁਮਾਰ ਸੁਖਵਿੰਦਰ ਸਿੰਘ ਗੁਰਪ੍ਰੀਤ ਸਿੰਘ ਸੰਜੀਵ ਕੁਮਾਰ, ਅਮਨਦੀਪ ਸਿੰਘ ਜੱਖੂ, ਕੁਲਵੰਤ ਰਾਮ ਰੁੜਕਾ,ਪਵਨ ਕੁਮਾਰ ਸਾਪਲਾ ਵਿਦਿਆ ਸਾਗਰ,ਮਦਨ ਲਾਲ ਤੋ ਇਲਾਵਾ ਮੁਲਾਜ਼ਮ ਆਗੂ ਤੀਰਥ ਸਿੰਘ ਬਾਸੀ ਵੀ ਹਾਜ਼ਰ ਸਨ।

# ਪੰਜਾਬ ਵਿੱਚ ਕਾਨੂੰਨ ਵਿਵਸਥਾ ਢਹਿ-ਢੇਰੀ, ਅਪਰਾਧੀ ਬੇਖੌਫ਼, ਕਾਨੂੰਨ ਵਿਵਸਥਾ ਦੀਆਂ ਉਡਾ ਰਹੇ ਧੱਜੀਆਂ-ਹਰਜੀਤ ਸਿੰਘ ਗਰੇਵਾਲ.

ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਪੰਜਾਬ ਦੇ ਰਾਜਨੀਤਿਕ ਹਾਲਾਤ ਅਤੇ ਦਿਨੋ-ਦਿਨ ਵਿਗੜਦੇ ਹਾਲਾਤਾਂ ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਸੱਤਾ ਸੰਭਾਲੀ ਹੈ, ਉਸ ਤੋਂ ਬਾਅਦ, ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਹੋ ਗਏ ਹਨ। ਉਨ੍ਹਾਂ ਇਹ ਸ਼ਬਦ ਭਾਜਪਾ ਆਗੂ ਪ੍ਰਿਤਪਾਲ ਸ਼ਰਮਾ (ਮੁਕਤਸਰ ਸਾਹਿਬ) ਅਤੇ ਭਾਜਪਾ ਪੰਜਾਬ ਦੇ ਪ੍ਰੈਸ ਸਕੱਤਰ ਹਰਦੇਵ ਸਿੰਘ ਉੱਭਾ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ।

ਹਰਜੀਤ ਸਿੰਘ ਗਰੇਵਾਲ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਨੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਦਤਰ ਬਣਾ ਦਿੱਤਾ ਹੈ। ਕਈ ਵਾਰ, ਅਪਰਾਧੀਆਂ ਵਲੋਂ ਪੁਲਿਸ ਫੋਰਸ ਤੇ ਪੁਲਸ ਸਟੇਸ਼ਨ ਤੇ ਜਾਨਲੇਵਾ ਹਮਲੇ, ਕਈ ਵਾਰ ਜਨਤਕ ਤੌਰ ਤੇ ਲੋਕਾਂ ਦੇ ਕਤਲ ਅਤੇ ਜਬਰੀ ਵਸੂਲੀ ਆਦਿ ਦੇ ਮਾਮਲੇ ਰੋਜ਼ਾਨਾ ਅਖ਼ਬਾਰਾਂ ਰਾਹੀਂ ਸਾਹਮਣੇ ਆਉਂਦੇ ਹਨ। ਅੱਜ ਸ਼ਹਿਰਾਂ ਅਤੇ ਪਿੰਡਾਂ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਬਦਤਰ ਹੋ ਗਈ ਹੈ। ਸ਼ਹਿਰਾਂ ਅਤੇ ਪਿੰਡਾਂ ਦੀਆਂ ਔਰਤਾਂ ਅਪਰਾਧੀਆਂ, ਲੁਟੇਰਿਆਂ ਅਤੇ ਝਪਟਮਾਰਾਂ ਦੇ ਡਰ ਕਾਰਨ ਆਪਣੇ ਘਰਾਂ ਤੋਂ ਬਾਹਰ ਨਿਕਲਣ ਤੋਂ ਡਰਦੀਆਂ ਹਨ। ਇਹ ਸੋਚ ਕੇ ਵੀ ਡਰ ਲੱਗਦਾ ਹੈ ਕਿ ਜਿਸ ਸੂਬੇ ਵਿੱਚ ਪੁਲਿਸ ਸੁਰੱਖਿਅਤ ਨਹੀਂ ਹੈ, ਉੱਥੇ ਲੋਕਾਂ ਦੀ ਕੀ ਹਾਲਤ ਹੋ ਸਕਦੀ ਹੈ ? ਭਗਵੰਤ ਮਾਨ ਦਾਅਵਾ ਕਰਦੇ ਰਹਿੰਦੇ ਹਨ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਠੀਕ ਹੈ, ਜਦੋਂ ਕਿ ਸੂਬੇ ਦੇ ਲੋਕ ਹੁਣ ਉਸਦੇ ਝੂਠਾਂ ਪਿੱਛੇ ਦੀ ਸੱਚਾਈ ਤੋਂ ਚੰਗੀ ਤਰ੍ਹਾਂ ਜਾਣੂ ਹਨ। ਭਗਵੰਤ ਮਾਨ ਸਰਕਾਰ ਨੇ ਪੰਜਾਬ ਦੀ ਆਰਥਿਕ ਹਾਲਤ ਵੀ ਖ਼ਰਾਬ ਕਰ ਦਿੱਤੀ ਹੈ। ਭਗਵੰਤ ਮਾਨ ਆਪਣੀ ਸਰਕਾਰ ਚਲਾਉਣ ਲਈ ਇੱਕ ਤੋਂ ਬਾਅਦ ਇੱਕ ਕਰਜ਼ਾ ਲੈ ਰਹੇ ਹਨ। ਆਪ ਸਰਕਾਰ ਦੇ ਆਗੂ ਝੂਠ ਦੇ ਆਧਾਰ ਤੇ ਸੱਤਾ ਵਿੱਚ ਆਏ ਸਨ ਅਤੇ ਹੁਣ ਆਪਣੇ ਝੂਠ ਨੂੰ ਸੱਚ ਸਾਬਤ ਕਰਨ ਲਈ, ਉਹ ਹਰ ਰੋਜ਼ ਪੰਜਾਬ ਦੇ ਲੋਕਾਂ ਦੇ ਟੈਕਸ ਦੇ ਕਰੋੜਾਂ ਰੁਪਏ ਆਪਣੇ ਝੂਠੇ ਇਸ਼ਤਿਹਾਰਾਂ ਤੇ ਖਰਚ ਕਰ ਰਹੇ ਹਨ।

ਪ੍ਰਿਤਪਾਲ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਮ ਤੇ ਆਮ ਆਦਮੀ ਪਾਰਟੀ ਤੇ ਭਰੋਸਾ ਕੀਤਾ ਸੀ ਅਤੇ ਉਸਨੂੰ ਪੂਰਨ ਬਹੁਮਤ



ਦਿੱਤਾ ਸੀ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਨ੍ਹਾਂ ਦਾ ਭਰੋਸਾ ਤੋੜ ਦਿੱਤਾ। ਜਨਤਾ ਨੂੰ ਅਜਿਹੇ ਬਦਲਾਅ ਦੀ ਉਮੀਦ ਨਹੀਂ ਸੀ। ਉਨ੍ਹਾਂ ਕਿਹਾ ਕਿ ਜਨਤਾ ਨੂੰ ਅਹਿਸਾਸ ਹੋ ਗਿਆ ਹੈ ਕਿ ਪੰਜਾਬ ਦਾ ਭਵਿੱਖ ਸਿਰਫ਼ ਭਾਜਪਾ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੋ ਸਕਦਾ ਹੈ। ਅੱਜ ਜਿੰਵੇਂ ਕੇਂਦਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹੱਥਾਂ ਵਿੱਚ, ਦੇਸ਼ ਦੇ ਲੋਕ ਸੁਰੱਖਿਅਤ ਮਹਿਸੂਸ ਕਰਦੇ ਹਨ9 ਜਨਤਾ ਹੁਣ ਸਮਝ ਗਈ ਹੈ ਕਿ ਇੱਕ ਪ੍ਰਗਤੀਸ਼ੀਲ ਅਤੇ ਸ਼ਾਂਤੀਪੂਰਨ ਪੰਜਾਬ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਭਾਰਤੀ ਜਨਤਾ ਪਾਰਟੀ ਦਾ ਪੰਜਾਬ ਦੀ ਸੱਤਾ ਵਿੱਚ ਹੋਣਾ ਜ਼ਰੂਰੀ ਹੈ।

# ਗੁਰਦੁਆਰਾ ਸ਼ਹੀਦ ਸਿੰਘਾਂ ਹਰਦਾਸਪੁਰ ਵੱਲੋ ਸਜਾਏ ਨਗਰ ਕੀਰਤਨ ਦਾ ਅਠੌਲੀ ਦੀਆਂ ਸੰਗਤਾਂ ਨੇ ਕੀਤਾ ਭਰਵਾਂ ਸਵਾਗਤ





ਫਗਵਾੜਾ ( ਸੁਸ਼ੀਲ ਸ਼ਰਮਾ ) ਸੰਤ ਬਾਬਾ ਗਿਆਨੀ ਹਰਦਿੱਤ ਸਿੰਘ, ਗੁਰਦੁਆਰਾ ਸ਼ਹੀਦ ਸਿੰਘਾਂ ਹਰਦਾਸਪੁਰ ਵੱਲੋਂ ਮਾਘੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪਿੰਡ ਗੰਢਵਾਂ ਹੁੰਦਾ ਹੋਇਆ ਅਠੌਲੀ ਪੁੱਜਾ। ਜਿੱਥੇ ਗੁਰੂ ਪਿਆਰੀ ਸੰਗਤ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਪਿੰਡ ਦੇ ਗੁਰਦੁਆਰਾ ਸਾਹਿਬ ਦੇ ਸਾਹਮਣੇ ਭਾਰੀ ਦਿਵਾਨ ਸਜਾਏ ਗਏ। ਜਿੱਥੇ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜੱਥਾ ਭਾਈ ਤਰਲੋਚਨ ਸਿੰਘ ਭੂਮੱਦੀ ਅਤੇ ਸਾਥੀਆਂ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਅਠੌਲੀ, ਸਰਪੰਚ ਕੁਲਵਿੰਦਰ ਸਿੰਘ ਕਾਲਾ, ਗ੍ਰਾਮ ਪੰਚਾਇਤ, ਉੱਘੇ ਢਾਡੀ ਭਾਈ ਪਲਵਿੰਦਰ ਸਿੰਘ ਅਠੌਲੀ ਦੇ ਪਿਤਾ ਗਿਆਨੀ ਗੁਰਬਖਸ਼ ਸਿੰਘ ਅਠੌਲੀ ਵੱਲੋ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰੇ ਸਾਹਿਬ ਅਤੇ ਢਾਡੀ ਜੱਥੇ ਨੂੰ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰੋਪਾਓ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਹਿੰਦਰ ਸਿੰਘ ਘੱਗ ਕੈਨੇਡਾ, ਗੁਰਦੁਆਰਾ ਕਮੇਟੀ ਦੇ ਪ੍ਰਧਾਨ ਰਵੇਲ ਸਿੰਘ, ਜੱਥੇਦਾਰ ਬੂਟਾ ਸਿੰਘ ਅਠੌਲੀ ਮੀਤ ਪ੍ਰਧਾਨ, ਸੰਤੋਖ ਸਿੰਘ ਪੰਚ, ਸੁਰਜੀਤ ਸਿੰਘ, ਸਟੀਫਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਦਿਵਾਨ ਵਿੱਚ ਹਾਜ਼ਰੀ ਭਰੀ। ਦੁੱਧ ਅਤੇ ਮਠਿਆਈ ਦੇ ਲੰਗਰ ਅਤੁੱਟ ਵਰਤਾਏ ਗਏ। ਇਹ ਨਗਰ ਕੀਰਤਨ ਪਿੰਡ ਨਾਰੰਗਪੁਰ ਤੋ ਹੁੰਦਾ ਹੋਇਆ ਵਾਪਸ ਗੁਰਦੁਆਰਾ ਸ਼ਹੀਦ ਸਿੰਘਾਂ ਪਿੰਡ ਹਰਦਾਸਪੁਰ ਵਿਖੇ ਸਮਾਪਤ ਹੋਇਆ।

# ਪਿੰਡ ਵਜੀਦੋਵਾਲ ਦੀ ਪੰਚਾਇਤ ਨੇ ਪਾਈ ਪੰਦਰਾਂ ਧੀਆਂ ਦੀ ਲੋਹੜੀ

## ☛ਧੀਆਂ ਹਰ ਖੇਤਰ 'ਚ ਕਰ ਰਹੀਆਂ ਮਾਪਿਆਂ ਦਾ ਨਾਮ ਰੌਸ਼ਨ - ਕਰਮਜੀਤ ਕੌਰ







ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਨਜਦੀਕੀ ਪਿੰਡ ਵਜੀਦੋਵਾਲ ਦੀ ਪੰਚਾਇਤ ਵਲੋਂ ਅੱਜ ਸਰਪੰਚ ਰਿੰਪਲ ਕੁਮਾਰ ਦੀ ਅਗਵਾਈ ਹੇਠ ਪਿੰਡ ਦੀਆਂ ਪੰਦਰਾਂ ਧੀਆਂ ਦੀ ਲੋਹੜੀ ਪਾਈ ਗਈ। ਇਸ ਸਬੰਧੀ ਆਯੋਜਿਤ ਸਮਾਗਮ ਵਿਚ ਸੀ.ਡੀ.ਪੀ.ਓ. ਦਫਤਰ ਫਗਵਾੜਾ ਦੇ ਸੁਪਰਵਾਈਜਰ ਕਰਮਜੀਤ ਕੌਰ ਅਤੇ ਸਰਕਾਰੀ ਪ੍ਰਾਇਮਰੀ ਸਕੂਲੀ ਵਜੀਦੋਵਾਲ ਦੇ ਇੰਚਾਰਜ ਮੈਡਮ ਨੀਨਾ ਵਨਿਆਲ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਲੋਹੜੀ ਦੀ ਧੂਣੀ ਜਲਾਈ ਗਈ ਅਤੇ ਸ਼ਗਨ ਵਜੋਂ ਤਿਲ, ਚਾਵਲ, ਗੁੜ, ਮੂੰਗਫਲੀ ਅਤੇ ਰੇਓੜੀਆਂ ਧੂਣੀ ਵਿਚ ਪਾ ਕੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਔਰਤਾਂ ਅਤੇ ਲੜਕੀਆਂ ਵਲੋਂ ਲੋਹੜੀ ਦੇ ਪਰੰਪਰਿਕ ਲੋਕਗੀਤ ਗਾਏ ਗਏ। ਮੁੱਖ ਮਹਿਮਾਨ ਕਰਮਜੀਤ ਕੌਰ ਅਤੇ ਨੀਨਾ ਵਨਿਆਲ ਨੇ ਆਪਣੇ ਕਰ ਕਮਲਾਂ ਨਾਲ ਪਿੰਡ ਦੀਆਂ ਪੰਦਰਾਂ ਛੋਟੀਆਂ ਬੱਚੀਆਂ ਨੂੰ ਸ਼ਗਨ ਵਜੋਂ ਮੂੰਗਫਲੀ, ਰਿਉੜੀਆਂ, ਗੱਚਕ, ਲੱਡੂ ਅਤੇ ਸ਼ਗਨ ਭੇਂਟ ਕੀਤਾ। ਉਹਨਾਂ ਨੇ ਪੰਚਾਇਤ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੁਰਾਣੇ ਸਮੇਂ ਵਿਚ ਲੜਕੀਆਂ ਨੂੰ ਇਕ ਬੋਝ ਸਮਝਿਆ ਜਾਂਦਾ ਸੀ ਅਤੇ ਲੜਕੀ ਦੇ ਜਨਮ ਤੋਂ ਹੀ ਉਸਦੇ ਵਿਆਹ ਦੀ ਚਿੰਤਾ ਮਾਪਿਆਂ ਨੂੰ ਹੋਣ ਲੱਗਦੀ ਸੀ। ਪਰ ਅੱਜ ਧੀਆਂ ਨੇ ਆਪਣੀ ਕਾਬਲੀਅਤ ਨੂੰ ਹਰ ਖੇਤਰ ਵਿਚ ਸਾਬਤ ਕੀਤਾ ਹੈ। ਬਲਕਿ ਲੜਕੀਆਂ ਬਜੁਰਗ ਮਾਤਾ ਪਿਤਾ ਦੇ ਬੁਢਾਪੇ ਦੀ ਲਾਠੀ ਵੀ ਬਣ ਰਹੀਆਂ ਹਨ। ਸਰਪੰਚ ਰਿੰਪਲ ਕੁਮਾਰ ਨੇ ਮੁੱਖ ਮਹਿਮਾਨਾਂ ਦਾ ਪਹੁੰਚਣ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਰਾ ਪਿੰਡ ਉਹਨਾਂ ਲਈ ਪਰਿਵਾਰ ਦੀ ਤਰ੍ਹਾਂ ਹੈ ਅਤੇ ਪਿੰਡ ਵਾਸੀਆਂ ਦੇ ਦੁੱਖ-ਸੁਖ ਵਿਚ ਉਹ ਹਮੇਸ਼ਾ ਭਾਈਵਾਲ ਰਹਿਣਗੇ। ਮੁੱਖ ਮਹਿਮਾਨਾਂ ਅਤੇ ਪਤਵੰਤਿਆਂ ਨੂੰ ਪੰਚਾਇਤ ਵਲੋਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਰਿਟਾ. ਇੰਸਪੈਕਟਰ ਰਮਨ ਕੁਮਾਰ, ਪੰਚਾਇਤ ਮੈਂਬਰ ਪੰਡਿਤ ਅਸ਼ੋਕ ਕੁਮਾਰ, ਸੰਜੀਵ ਕੁਮਾਰ, ਸੰਤੋਸ਼ ਰਾਣੀ, ਸਾਬਕਾ ਪੰਚਾਇਤ ਮੈਂਬਰ ਗੌਰਵ ਸ਼ਰਮਾ, ਨੰਬਰਦਾਰ ਸਤੀਸ਼ ਕੁਮਾਰ ਤੇ ਸੋਮਨਾਥ, ਪਵਨ ਕੁਮਾਰ, ਕੇਸ਼ਾ ਵਜੀਦੋਵਾਲ, ਦੇਵਾਂਸ਼ ਸ਼ਰਮਾ, ਚੰਦਰ ਮੋਹਨ, ਸ਼ਿਵ ਰਾਮ, ਸੋਹਨ ਲਾਲ, ਹਰਨੇਕ ਕੁਮਾਰ, ਗੁਰਦੇਵ ਰਾਮ, ਮਨਜੀਤ ਲਾਲ, ਸੀਮਾ ਰਾਣੀ, ਬੀਬੀ ਸ਼ਿੰਦੋ, ਦੀਪਾ ਵਜੀਦੋਵਾਲ, ਰਾਜਕੁਮਾਰ, ਵਿਸ਼ਾਲ ਭਾਰਦਵਾਜ, ਰਵੀ ਦੱਤ, ਬਲਰਾਮ ਕੁਮਾਰ, ਸੁਰੇਸ਼ ਕੁਮਾਰ ਬਿੱਲਾ, ਚਮਨ ਲਾਲ, ਦੇਸਰਾਜ, ਬਲਿਹਾਰ ਲਾਲ, ਗੁਰਮੇਲ ਰਾਮ, ਸਰਬਜੀਤ ਕੌਰ ਆਂਗਨਬਾੜੀ ਵਰਕਰ, ਪੁਸ਼ਪਾ ਆਂਗਨਬਾੜੀ ਵਰਕਰ, ਬੀਬੀ ਨੰਜੋ, ਸਰੋਜ ਰਾਣੀ, ਕਮਲੇਸ਼ ਕੁਮਾਰੀ, ਜੀਵਨ ਰਾਣੀ, ਦੇਵੀ ਸ਼ਰਮਾ, ਸੋਨੀਆ ਰਾਣੀ, ਨੀਲਮ, ਅਨੀਤਾ ਰਾਣੀ, ਸੰਤੋਸ਼ ਕੁਮਾਰੀ, ਸ਼ੈਲੀ ਸ਼ਰਮਾ, ਪ੍ਰੋਮਿਲਾ ਦੇਵੀ, ਕਾਜਲ ਸ਼ਰਮਾ, ਬੀਬੀ ਜਗੀਰ ਕੌਰ, ਸ਼ਿਵਾਨੀ ਸ਼ਰਮਾ, ਸੁਮਨ ਬਾਲਾ, ਰੁਬੀ ਦੇਵੀ ਆਦਿ ਹਾਜਰ ਸਨ।

# ਡੀ ਏ ਵੀ ਸਕੂਲ ਚ ਧੂਮਧਾਮ ਨਾਲ ਮਨਾਇਆ ਗਿਆ ਲੋਹੜੀ ਦਾ ਤਿਉਹਾਰ।




ਦੀਨਾਨਗਰ (ਡਾ ਰਮੇਸ਼ ਸਰੰਗਲ ) ਐਸ ਐਸ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ ਅਵਾਂਖਾ ਦੀਨਾਨਗਰ ਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਰਵਿੰਦ ਮਹਿਤਾ ਦੀ ਅਗਵਾਈ ਚ ਲੋਹੜੀ ਦਾ ਤਿਉਹਾਰ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਤਿਉਹਾਰ ਦੀ ਸ਼ੁਰੂਆਤ ਹਵਨ ਯੱਗ ਕਰਕੇ ਕੀਤੀ ਗਈ। ਬੱਚਿਆਂ ਚ ਲੋਹੜੀ ਦੇ ਤਿਉਹਾਰ ਨੂੰ ਲੈ ਕੇ ਭਾਰੀ ਉਤਸ਼ਾਹ ਦਿਖਾਈ ਦਿੱਤਾ। ਸਕੂਲ ਦੇ ਵਿਹੜੇ ਚ ਲੋਹੜੀ ਬਾਲ ਕੇ ਸਭ ਨੇ ਆਪਣੀ ਖੁਸ਼ੀ ਨੂੰ ਸਾਂਝਾਂ ਕੀਤਾ। ਪ੍ਰਿੰਸੀਪਲ ਰਚਨਾ ਸੈਣੀ ਨੇ ਬੱਚਿਆਂ ਨੂੰ ਦੱਸਿਆ ਕਿ ਹਿੰਦੂ ਧਰਮ ਚ ਮਕਰ ਸਕਰਾਂਤੀ ਨੂੰ ਨਵੇਂ ਸਾਲ ਦੀ ਸ਼ੁਰੂਆਤ ਹੁੰਦੀ ਹੈ। ਉਨ੍ਹਾਂ ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਲੋਹੜੀ ਅਤੇ ਨਵੇਂ ਸਾਲ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਆਉਣ ਵਾਲਾ ਸਾਲ ਤੁਹਾਡੇ ਸਭ ਲਈ ਖੁਸ਼ੀਆਂ ਅਤੇ ਤਰੱਕੀਆਂ ਲੈ ਕੇ ਆਏ। ਬੱਚਿਆਂ ਨੇ ਲੋਹੜੀ ਦੇ ਗੀਤ ਜਿਵੇ ਸੁੰਦਰ ਮੁੰਦਰੀਏ ਹੋ, ਤੀਲੀ ਹਰੀ ਨੀ ਭਰੀ ਆਦਿ ਗੀਤ ਗਾਏ। ਅਧਿਆਪਕਾਂ ਨੇ ਬੱਚਿਆਂ ਨੂੰ ਰਿਉੜੀ ਅਤੇ ਮੂੰਗਫਲੀ ਵੰਡ ਕੇ ਤਿਉਹਾਰ ਦੀ ਸਮਾਪਤੀ ਕੀਤੀ ਗਈ। ਇਸ ਮੌਕੇ ਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਲੜਕੀਆਂ ਦੀ ਲੋਹੜੀ ਪਾਉਣ ਦਾ ਵੱਧਦਾ ਰੁਝਾਨ ਪੇਸ਼ ਕਰ ਰਿਹਾ ਸਾਰਥਕ ਬਦਲਾਅ ਦੀ ਤਸਵੀਰ - ਸਾਂਈ ਕਰਨੈਲ ਸ਼ਾਹ

ਫਗਵਾੜਾ 12 ਜਨਵਰੀ ( ਸੁਸ਼ੀਲ ਸ਼ਰਮਾ ) ਲੜਕੀਆਂ ਦੀ ਲੋਹੜੀ ਪਾਉਣ ਦਾ ਵੱਧਦਾ ਰੁਝਾਨ ਸਮਾਜ ਵਿਚ ਸਾਰਥਕ ਬਦਲਾਅ ਦੀ ਤਸਵੀਰ ਪੇਸ਼ ਕਰ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਂਈ ਕਰਨੈਲ ਸ਼ਾਹ ਗੱਦੀ ਨਸ਼ੀਨ ਦਰਬਾਰ ਨੂਰ ਏ ਖੁਦਾ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ, ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਲੱਖਪੁਰ, ਕਿਸਾਨ ਆਗੂ ਹਰਵਿੰਦਰ ਸਿੰਘ ਖੁਣਖੁਣ ਮਾਨਾਂਵਾਲੀ, ਸਮਾਜ ਸੇਵਕ ਜਤਿੰਦਰ ਸਿੰਘ ਖਾਲਸਾ, ਅਮਨਦੀਪ ਕੈਲੇ ਜੇ.ਈ., ਬੀ.ਡੀ.ਪੀ.ਓ. ਦਫਤਰ ਫਗਵਾੜਾ ਅਤੇ ਆਪ ਪਾਰਟੀ ਦੇ ਆਗੂ ਕਸ਼ਮੀਰ ਸਿੰਘ ਖਲਵਾੜਾ ਨੇ ਸਮੂਹ ਧੀਆਂ ਪੁੱਤਰਾਂ ਨੂੰ ਲੋਹੜੀ ਦੀ ਮੁਬਾਰਕਬਾਦ ਦਿੰਦਿਆਂ ਕੀਤਾ। ਉਹਨਾਂ ਕਿਹਾ ਕਿ ਲੋਹੜੀ ਦਾ ਤਿਉਹਾਰ ਪੰਜਾਬੀ ਸੱਭਿਆਚਾਰ 'ਚ ਅਹਿਮ ਸਥਾਨ ਰੱਖਦਾ ਹੈ। ਲੇਕਿਨ ਪਿਛਲੀ ਸਦੀ ਤੱਕ ਪੁੱਤਰ ਦੇ ਵਿਆਹ ਜਾਂ ਘਰ ਵਿਚ ਲੜਕੇ ਦੇ ਜਨਮ ਸਮੇਂ ਹੀ ਪਰਿਵਾਰਾਂ ਵਲੋਂ ਪੂਰੇ ਉਤਸ਼ਾਹ ਨਾਲ ਲੋਹੜੀ ਮਨਾਈ ਜਾਂਦੀ ਸੀ। ਜਦਕਿ ਧੀਆਂ ਦੇ ਜਨਮ ਨੂੰ ਅਹਿਮੀਅਤ ਨਹੀਂ ਸੀ ਦਿੱਤੀ ਜਾਂਦੀ। ਪਰ ਮੌਜੂਦਾ ਸਦੀ ਦੇ ਆਰੰਭ ਤੋਂ ਸਮਾਜ ਸੇਵੀ ਜੱਥੇਬੰਦੀਆਂ ਵਲੋਂ ਇਸ ਸਮਾਜਿਕ ਕੁਰੀਤੀ ਦੇ ਖਿਲਾਫ ਜਿਸ ਤਰ੍ਹਾਂ ਆਵਾਜ਼ ਬੁਲੰਦ ਕੀਤੀ ਗਈ ਅਤੇ 'ਧੀਆਂ ਦੀ ਲੋਹੜੀ' ਪਾਉਣ ਦੀ ਜੋ ਨਵੇਕਲੀ ਪਰੰਪਰਾ ਆਰੰਭੀ ਗਈ ਹੈ, ਉਹ ਅਸਰ ਦਿਖਾਉਂਦੀ ਨਜ਼ਰ ਆਉਣ ਲੱਗ ਪਈ ਹੈ। ਉਹਨਾਂ ਨੇ ਕਿਹਾ ਕਿ ਸਮੇਂ ਦੇ ਨਾਲ ਹੁਣ ਸਮਾਜ ਦੀ ਸੋਚ ਬਦਲ ਰਹੀ ਹੈ ਜਿਸ ਵਿਚ ਧੀਆਂ ਦੀ ਲੋਹੜੀ ਪਾਉਣ ਦੀ ਪਰੰਪਰਾ ਦੀ ਵੱਡੀ ਭੂਮਿਕਾ ਹੈ। ਉਹਨਾਂ ਜਿੱਥੇ ਧੀਆਂ ਤੇ ਪੁੱਤਰਾਂ ਦੀ ਲੋਹੜੀ ਪੂਰੇ ਉਤਸ਼ਾਹ ਨਾਲ ਮਨਾਉਣ ਦੀ ਗੱਲ ਕਹੀ ਉੱਥੇ ਹੀ ਸਮੂਚੇ ਸਮਾਜ ਨੂੰ ਅਪੀਲ ਕੀਤੀ ਕਿ ਅਮੀਰ ਪੰਜਾਬੀ ਵਿਰਸੇ ਨਾਲ ਜੁੜੇ ਇਸ ਤਿਓਹਾਰ ਦੇ ਇਤਿਹਾਸ ਨਾਲ ਅਜੋਕੀ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਣ ਦਾ ਉਪਰਾਲਾ ਵੀ ਹੋਣਾ ਚਾਹੀਦਾ ਹੈ। ਆਗੂਆਂ ਨੇ ਦੱਸਿਆ ਕਿ ਇਸ ਤਿਉਹਾਰ ਦੀ ਪਰੰਪਰਾ ਬਹੁਤ ਪੁਰਾਣੀ ਹੈ ਤੇ ਇਸ ਤਿਉਹਾਰ ਨਾਲ ਕਈ ਲੋਕ ਕਥਾਵਾਂ ਜੁੜੀਆਂ ਹੋਈਆਂ ਹਨ। ਜਿਹਨਾਂ ਤੋਂ ਸੇਧ ਲੈਂਦਿਆਂ ਆਪਣੀ ਸਮਰੱਥਾ ਅਨੁਸਾਰ ਲੋੜਵੰਦਾਂ ਦੀ ਹਰ ਸੰਭਵ ਸਹਾਇਤਾ ਦੇ ਉਪਰਾਲੇ ਕਰਨੇ ਚਾਹੀਦੇ ਹਨ।













# ਹਥਿਆਰਾਂ ਦੇ ਪ੍ਰਦਰਸ਼ਨ ਤੇ ਧਮਕੀਆਂ ਤੋਂ ਡਰਿਆ ਹੰਸਪੁਰ ਪਿੰਡ, ਦਬੰਗ ਦੀਪਕ ਸਿੰਘ ਖਿਲਾਫ ਡੀਸੀਪੀ ਨੂੰ ਸ਼ਿਕਾਇਤ

ਕਾਨਪੁਰ (ਸੁਨੀਲ ਬਾਜਪਾਈ)ਨੌਬਸਤਾ ਥਾਣਾ ਖੇਤਰ ਦਾ ਪਿੰਡ ਹੰਸਪੁਰ ਅੱਜਕਲ ਤਾਕਤਵਰ ਗੁੰਡਿਆਂ ਦੇ ਨਿਸ਼ਾਨੇ ਤੇ ਹੈ। ਇਨ੍ਹਾਂ ਗੁੰਡਿਆਂ ਦਾ ਇਹ ਆਤੰਕ ਸ਼ੋਸ਼ਲ ਮੀਡੀਆ ਤੇ ਸ਼ਰੇਆਮ ਹਥਿਆਰਾਂ ਅਤੇ ਵੀਡੀਓ ਧਮਕੀਆਂ ਦੇ ਰੂਪ ਚ ਵੀ ਵਾਇਰਲ ਹੋ ਰਿਹਾ ਹੈ। ਡੀਸੀਪੀ ਨੂੰ ਕੀਤੀ ਸ਼ਿਕਾਇਤ ਤੋਂ ਬਾਅਦ ਪੁਲੀਸ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਲੋਕਾਂ ਵੱਲੋਂ ਵਿਰੋਧ ਕਰਨ ਤੇ ਲੋਕਾਂ ਨੂੰ ਜਾਨੋਂ ਮਾਰਨ ਤੱਕ ਜਾਰੀ ਦਹਿਸ਼ਤ ਦੇ ਸਿੱਟੇ ਵਜੋਂ ਹੰਸਪੁਰ ਦੇ ਜ਼ਿਆਦਾਤਰ ਪੀੜਤ ਇਨ੍ਹਾਂ ਗੁੰਡਿਆਂ ਖਿਲਾਫ ਖੁੱਲ੍ਹ ਕੇ ਸ਼ਿਕਾਇਤ ਕਰਨ ਦੀ ਹਿੰਮਤ ਵੀ ਨਹੀਂ ਕਰਦੇ, ਫਿਰ ਵੀ ਕੁਝ ਪਿੰਡ ਵਾਸੀਆਂ ਨੇ ਹਿੰਮਤ ਕੀਤੀ ਅਤੇ ਘਟਨਾ ਦੀ ਸ਼ਿਕਾਇਤ ਡੀਸੀਪੀ ਸਾਊਥ ਨੂੰ ਕਰ ਦਿੱਤੀ ਗਈ ਹੈ ਅਤੇ ਕਾਰਵਾਈ ਕੀਤੀ ਗਈ ਹੈ। ਹੰਸਪੁਰ ਦੇ ਰਹਿਣ ਵਾਲੇ ਸੁਧੀਰ ਕੁਮਾਰ ਸਿੰਘ, ਜੰਗ ਬਹਾਦਰ ਸਿੰਘ, ਸ਼੍ਰੀਕ੍ਰਿਸ਼ਨ ਸਿੰਘ ਤੋਮਰ, ਸਤੀਸ਼ ਸਿੰਘ, ਜਯੰਤ ਸਿੰਘ, ਸੰਜੀਵ ਸਿੰਘ ਅਤੇ ਪਿਨਪਾਲ ਸਿੰਘ ਆਦਿ ਪੀੜਤ ਪੀੜਤਾਂ ਨਾਲ ਕੇਂਦਰ ਅਤੇ ਰਾਜ ਸਰਕਾਰ ਦੀ ਮਨਸ਼ਾ ਅਨੁਸਾਰ ਸ਼ਿਕਾਇਤ ਕਰਨ ਲਈ ਡੀ.ਸੀ.ਪੀ ਸਾਊਥ ਕੋਲ ਪਹੁੰਚੇ। ਦੇਸ਼ ਅਤੇ ਸਮਾਜ ਦੇ ਹਿੱਤ ਵਿੱਚ ਸਿੱਖਿਆ ਦੇ ਖੇਤਰ ਵਿੱਚ ਹਰ ਪੱਖ ਤੋਂ ਮੋਹਰੀ ਕਹੇ ਜਾਣ ਵਾਲੇ ਸਕੂਲ ਦੇ ਡਾਇਰੈਕਟਰ ਲਵਕੁਸ਼ ਸਿੰਘ ਨੇ ਐਫਆਈਆਰ ਦਰਜ ਕਰਕੇ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਅਰਜਨ ਸਿੰਘ ਉਰਫ਼ ਦੀਪਕ ਸਿੰਘ ਪੁੱਤਰ ਪੰਨਪਾਲ ਸਿੰਘ ਵਾਸੀ ਮਕਾਨ ਨੰ ਨੰ: 82 ਹੰਸਪੁਰ ਨੌਬਸਤਾ ਨੇ ਅੱਜ ਕੱਲ੍ਹ ਇਲਾਕੇ ਦੀ ਪਾਲ ਫਲੋਰ ਮਿੱਲ ਨੂੰ ਆਪਣਾ ਦਬਦਬਾ ਦਿਖਾਉਣ ਦਾ ਅੱਡਾ ਬਣਾ ਲਿਆ ਹੈ। ਜਿੱਥੋਂ ਦਾ ਤਾਕਤਵਰ ਅਰਜੁਨ ਸਿੰਘ ਉਰਫ ਦੀਪਕ ਸਿੰਘ ਗੁੰਡਾਗਰਦੀ ਅਤੇ ਗੁੰਡਾਗਰਦੀ ਰਾਹੀਂ ਆਪਣੇ ਸਵਾਰਥ ਦੀ



ਰੋਜ਼ਾਨਾ ਲੋਕ ਬਾਣੀ
www.lokbani

ਪੂਰਤੀ ਲਈ ਨਾ ਸਿਰਫ ਫਰਜ਼ੀ ਨਾਵਾਂ ਤੇ ਗਾਲੀ-ਗਲੋਚ ਕਰਦਾ ਹੈ, ਸਗੋਂ ਵੱਖ-ਵੱਖ ਚਾਲਾਂ ਨਾਲ ਪਤਵੰਤੇ ਲੋਕਾਂ ਨੂੰ ਡਰਾਉਂਦਾ ਵੀ ਹੈ। ਇਸ ਦੇ ਲਈ ਉਹ ਸੋਸ਼ਲ ਮੀਡੀਆ ਵਟਸਐਪ ਅਤੇ ਫੇਸਬੁੱਕ ਆਦਿ ਦੀ ਵੀ ਮਦਦ ਲੈਂਦਾ ਹੈ।

ਇਸ ਘਟਨਾ ਦੀ ਸ਼ਿਕਾਇਤ ਕਰਨ ਲਈ ਡੀਸੀਪੀ ਸਾਊਥ ਪਹੁੰਚੇ ਤਾਂ ਉੱਤਮ ਸਿੱਖਿਆ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਸਕੂਲ ਦੇ ਡਾਇਰੈਕਟਰ ਲਵਕੁਸ਼ ਸਿੰਘ ਅਤੇ ਬਾਕੀ ਸਾਰੇ ਪੀੜਤਾਂ ਨੇ ਸੂਤਰਾਂ ਨੂੰ ਦੱਸਿਆ ਕਿ ਇਸ ਧੱਕੇਸ਼ਾਹੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਹਾਲ ਹੀ ਵਿੱਚ ਦਬੰਗ ਅਰਜੁਨ ਸਿੰਘ ਉਰਫ ਦੀਪਕ ਹਥਿਆਰਾਂ ਨਾਲ ਲੈਸ ਸਿੰਘ ਦੀ ਸੋਸ਼ਲ ਮੀਡੀਆ ਤੇ ਵਾਇਰਲ ਫੋਟੋ ਵੀਡੀਓ ਵੀ ਲੋਕਾਂ ਨੂੰ ਫਰਜ਼ੀ ਨਾਵਾਂ ਨਾਲ ਧਮਕੀਆਂ ਦੇ ਰਹੀ ਹੈ। ਹਾਲਾਂਕਿ ਅਖਬਾਰ ਇਸ ਵੀਡੀਓ ਦੀ ਪੁਸ਼ਟੀ ਨਹੀਂ ਕਰਦਾ ਹੈ ਜੋ ਦਹਿਸ਼ਤ ਨਾਲ ਭਰਪੂਰ ਚਰਚਾ ਦਾ ਵਿਸ਼ਾ ਬਣਿਆ ਸੀ।

ਪੀੜਤਾਂ ਅਤੇ ਮੁਲਜ਼ਮਾਂ ਦੇ ਨਜ਼ਦੀਕੀ ਸੂਤਰਾਂ ਅਨੁਸਾਰ ਅਰਜੁਨ ਉਰਫ ਦੀਪਕ ਸਿੰਘ ਕੋਲ ਰਾਈਫਲ ਅਤੇ ਰਿਵਾਲਵਰ ਆਦਿ ਹਥਿਆਰਾਂ ਦਾ ਲਾਇਸੈਂਸ ਧਾਰਕ ਨਹੀਂ ਹੈ, ਜਿਸ ਦੀ ਵਰਤੋਂ ਅਰਜੁਨ ਉਰਫ ਦੀਪਕ ਸਿੰਘ ਸੋਸ਼ਲ ਮੀਡੀਆ ਤੇ ਲੋਕਾਂ ਨੂੰ ਡਰਾਉਣ ਲਈ ਕਰਦਾ ਹੈ। ਇਸ ਦੇ ਲਈ ਉਹ ਕਿਸੇ ਹੋਰ ਦੇ ਨਾਂ ਤੇ ਲਾਇਸੈਂਸੀ ਹਥਿਆਰਾਂ ਦੀ ਵਰਤੋਂ ਕਰਦਾ ਹੈ। ਇਨ੍ਹਾਂ ਦੋ ਹਥਿਆਰ ਰਿਵਾਲਵਰ ਅਤੇ ਰਾਈਫਲ ਦਾ ਲਾਇਸੈਂਸ ਧਾਰਕ ਕੌਣ ਹੈ ? ਉਸ ਨੇ ਆਪਣੇ ਨਾਂ ਵਾਲੀ ਰਿਵਾਲਵਰ ਅਤੇ ਰਾਈਫਲ ਅਰਜੁਨ ਉਰਫ ਦੀਪਕ ਸਿੰਘ ਨੂੰ ਕਿਉਂ ਅਤੇ ਕਿਸ ਇਰਾਦੇ ਨਾਲ ਦਿੱਤੀ ਹੈ ? ਕੀ ਇਸ ਪਿੱਛੇ ਉਸਦਾ ਕੋਈ ਖਾਸ ਇਰਾਦਾ ਹੈ ? ਫਿਲਹਾਲ ਇਨ੍ਹਾਂ ਸਵਾਲਾਂ ਦੇ ਜਵਾਬ ਅਜੇ ਤੱਕ ਨਹੀਂ ਮਿਲੇ ਹਨ। ਜਿਸ ਲਈ ਪੁਲਿਸ ਜਾਂਚ ਅਤੇ ਕਾਰਵਾਈ ਦੀ ਉਡੀਕ ਕਰ ਰਹੀ ਹੈ। ਉਧਰ ਪੀੜਤਾਂ ਅਤੇ ਸੂਤਰਾਂ ਅਨੁਸਾਰ ਅਰਜੁਨ ਉਰਫ਼ ਦੀਪਕ ਸਿੰਘ ਦੀ ਇਸ ਧੱਕੇਸ਼ਾਹੀ ਨਾਲ ਇਲਾਕੇ ਵਿੱਚ ਕੋਈ ਗੰਭੀਰ ਘਟਨਾ ਵੀ ਵਾਪਰ ਸਕਦੀ ਹੈ ਅਤੇ ਹੁਣ ਸਵਾਲ ਇਹ ਹੈ ਕਿ ਡੀ.ਸੀ.ਪੀ ਸਾਊਥ ਨੂੰ ਕੀਤੀ ਲਿਖਤੀ ਸ਼ਿਕਾਇਤ ਦੇ ਆਧਾਰ 'ਤੇ ਇਸ ਖ਼ਿਲਾਫ਼ ਕਾਨੂੰਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕਥਿਤ ਗੁੰਡਾਗਰਦੀ ਕਰਨ ਵਾਲੇ ਅਰਜੁਨ ਉਰਫ਼ ਦੀਪਕ ਸਿੰਘ ਤੇ ਕੀ ਸਚਮੁੱਚ ਨਕੇਲ ਕੱਸੀ ਜਾਵੇਗੀ ਜਾਂ ਮਾਮਲਾ ਰੁੱਕ ਜਾਵੇਗਾ ? ਸਮਾਂ ਹੀ ਦੱਸੇਗਾ।

# ਟੈਕਸਮਾਕੋ ਨੇ ਲੰਬੇ ਸਮੇਂ ਅਤੇ ਛੋਟੇ ਸਮੇਂ ਦੀ ਬੈਂਕ ਸਹੂਲਤਾਂ ਨੂੰ ਬਿਹਤਰ ਬਣਾਇਆ

ਚੰਡੀਗੜ੍ਹ (ਲੋਕ ਬਾਣੀ)- ਟੈਕਸਮਾਕੋ ਰੇਲ ਐਂਡ ਇੰਜੀਨੀਅਰਿੰਗ ਲਿਮਟਿਡ, ਜੋ ਭਾਰਤ ਵਿੱਚ ਮਾਲਵਾਹਕ ਵੈਗਨ ਦਾ ਮੁੱਖ ਨਿਰਮਾਤਾ ਅਤੇ ਰੇਲਵੇ ਢਾਂਚੇ ਦਾ ਸਪਲਾਇਰ ਹੈ, ਨੇ ਹੇਠ ਲਿਖੀਆਂ ਅਪਡੇਟ ਕੀਅਰ ਰੇਟਿੰਗ ਜਾਰੀ ਕੀਤੀਆਂ ਹਨ - ਲੰਬੀ ਮਿਆਦ ਵਾਲੀਆਂ ਬੈਂਕ ਸਹੂਲਤਾਂ ਨੂੰ ਕੇਅਰ ਏ- (ਆਰਡਬਲਯੂਡੀ) ਤੋਂ ਕੇਅਰ ਏ (ਆਰਡਬਲਯੂਡੀ) ਵਿੱਚ ਬਹਾਲ ਕੀਤਾ ਗਿਆ ਅਤੇ ਛੋਟੀ ਮਿਆਦ ਵਾਲੀਆਂ ਬੈਂਕ ਸਹੂਲਤਾਂ ਨੂੰ ਕੇਅਰ ਏ2+ (ਆਰਡਬਲਯੂਡੀ) ਤੋਂ ਕੇਅਰ ਏ1 (ਆਰਡਬਲਯੂਡੀ) ਵਿੱਚ ਉੱਚਾ ਕੀਤਾ ਗਿਆ।

ਕੇਅਰ ਏ ਲੰਬੀ ਮਿਆਦ ਵਾਲੇ ਰੇਟਿੰਗ ਸਕੇਲ ਵਿੱਚ ਸਮੇਂ ਸਿਰ ਆਰਥਿਕ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਸੁਰੱਖਿਆ ਵਾਲੀ ਮੰਨੀ ਜਾਂਦੀ ਹੈ। ਇਹ ਸੁਰੱਖਿਆਵਾਂ ਘੱਟ ਕ੍ਰੈਡਿਟ ਖਤਰੇ ਵਾਲੀਆਂ ਹੁੰਦੀਆਂ ਹਨ। ਕੇਅਰ ਏ1 ਛੋਟੀ ਮਿਆਦ ਵਾਲੇ ਰੇਟਿੰਗ ਸਕੇਲ ਵਿੱਚ ਸਭ ਤੋਂ ਉੱਚੀ ਰੇਟ ਵਾਲੀਆਂ ਸੁਰੱਖਿਆਵਾਂ ਵਿੱਚ ਸ਼ਾਮਲ ਹੈ। ਇਹ ਸੁਰੱਖਿਆਵਾਂ ਆਰਥਿਕ ਜ਼ਿੰਮੇਵਾਰੀਆਂ ਦੀ ਸਮੇਂ ਸਿਰ ਪੂਰੀ ਸੇਵਾ ਕਰਨ ਵਿੱਚ ਬਹੁਤ ਮਜ਼ਬੂਤ ਸੁਰੱਖਿਆ ਵਾਲੀ ਮੰਨੀ ਜਾਂਦੀ ਹੈ। ਇਹ ਸੁਰੱਖਿਆਵਾਂ ਸਭ ਤੋਂ ਘੱਟ ਕ੍ਰੈਡਿਟ ਖਤਰੇ ਵਾਲੀਆਂ ਹੁੰਦੀਆਂ ਹਨ।

# ਐਕਸਿਸ ਮੈਕਸ ਲਾਈਫ ਇਨਸ਼ੋਰੈਂਸ ਨੇ ਪੇਸ਼ ਕੀਤਾ ਸਸਟੇਨੇਬਲ ਵੈਲਥ 50 ਇੰਡੈਕਸ ਫੰਡ

ਚੰਡੀਗੜ੍ਹ (ਲੋਕ ਬਾਣੀ) - ਐਕਸਿਸ ਮੈਕਸ ਲਾਈਫ ਇਨਸ਼ੋਰੈਂਸ ਲਿਮਿਟਡ, ਜਿਸਨੂੰ ਪਹਿਲਾਂ ਮੈਕਸ ਲਾਈਫ ਇਨਸ਼ੋਰੈਂਸ ਕੰਪਨੀ ਲਿਮਿਟਡ ਦੇ ਨਾਮ ਨਾਲ ਜਾਣਿਆ ਜਾਂਦਾ ਸੀ, ਨੇ ਐਕਸਿਸ ਮੈਕਸ ਲਾਈਫ ਸਸਟੇਨੇਬਲ ਵੈਲਥ 50 ਇੰਡੈਕਸ ਫੰਡ ਨੂੰ ਲਾਂਚ ਕਰਨ ਦਾ ਐਲਾਨ ਕੀਤਾ ਹੈ। ਆਪਣੀ ਤਰ੍ਹਾਂ ਦੇ ਇਸ ਪਹਿਲੇ ਫੰਡ ਨੂੰ ਐਕਸਿਸ ਮੈਕਸ ਲਾਈਫ ਵੱਲੋਂ ਵਿਕਸਿਤ ਪ੍ਰੋਪ੍ਰਾਈਟਰੀ ਸਸਟੇਨੇਬਲ ਯੀਲਡ ਇੰਡੈਕਸ ਦੇ ਅਧਾਰ ਤੇ ਨਿਰੰਤਰ ਕੈਸ਼ ਫਲੋ ਪੈਦਾ ਕਰਨ ਵਾਲੀਆਂ ਕੰਪਨੀਆਂ ਵਿੱਚ ਨਿਵੇਸ਼ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਇਸ ਕਸਟਮਾਇਜ਼ਡ ਇੰਡੈਕਸ ਦੀ ਗਿਣਤੀ ਅਤੇ ਪ੍ਰਬੰਧਨ ਦੀ ਜ਼ਿੰਮੇਵਾਰੀ ਐਨਐਸਈ ਇੰਡਿਸਿਜ਼ ਲਿਮਿਟਡ ਦੀ ਹੋਵੇਗੀ।

ਐਕਸਿਸ ਮੈਕਸ ਲਾਈਫ ਸਸਟੇਨੇਬਲ ਵੈਲਥ 50 ਇੰਡੈਕਸ ਫੰਡ ਦੇ ਮਾਧਿਮ ਨਾਲ 50 ਚੋਟੀ ਦੇ ਪ੍ਰਦਰਸ਼ਨ ਕਰਨ ਵਾਲੇ ਸਟਾਕਸ ਦੇ ਬਾਸਕੇਟ ਵਿੱਚ ਪੈਸਾ ਲਗਾਇਆ ਜਾਵੇਗਾ। ਇਹਨਾਂ ਦਾ ਨਿਰਧਾਰਨ ਪ੍ਰੋਪ੍ਰਾਈਟਰੀ ਇਕਵਲ ਵੈਟਡ ਫੈਕਟਰ-ਬੇਸਡ ਕੁਆਂਟੀਟੇਟਿਵ ਇੰਡੈਕਸ ਦੇ ਅਧਾਰ ਤੇ ਕੀਤਾ ਜਾਵੇਗਾ। ਇਸਨੂੰ ਇਸ ਤਰੀਕੇ ਨਾਲ ਡਿਜ਼ਾਈਨ ਕੀਤਾ ਗਿਆ ਹੈ ਕਿ ਨਾਨ-ਫਾਇਨੈਂਸ਼ਲ ਕੰਪਨੀਆਂ ਵਿੱਚੋਂ ਫ੍ਰੀ ਕੈਸ਼ ਫਲੋ ਯੀਲਡ (ਐਫਸੀਐਫ ਯੀਲਡ) ਦੇ ਅਧਾਰ ਤੇ ਅਤੇ ਫਾਇਨੈਂਸ਼ਲ ਕੰਪਨੀਆਂ ਵਿੱਚੋਂ ਡਿਵਿਡੈਂਡ ਯੀਲਡ ਦੇ ਅਧਾਰ ਤੇ ਐਨਐਸਈ 500 ਦੇ ਚੋਟੀ ਦੇ ਪ੍ਰਦਰਸ਼ਨ ਕਰਨ ਵਾਲੇ ਸਟਾਕਸ ਦੀ ਪਹਿਚਾਣ ਕੀਤੀ ਜਾ ਸਕੇ

ਐਕਸਿਸ ਮੈਕਸ ਲਾਈਫ ਦੇ ਈਵੀਐਫ ਅਤੇ ਚੀਫ ਇਨਵੈਸਟਮੈਂਟ ਅਫਸਰ ਸਚਿਨ ਬਜਾਜ ਨੇ ਕਿਹਾ ਕਿ ਐਕਸਿਸ ਮੈਕਸ ਲਾਈਫ ਸਸਟੇਨੇਬਲ ਵੈਲਥ 50 ਇੰਡੈਕਸ ਫੰਡ ਦੀ ਲਾਂਚਿੰਗ ਅਜਿਹੇ ਮੁੱਲ ਅਧਾਰਿਤ ਨਿਵੇਸ਼ ਵਿਕਲਪ ਉਪਲਬਧ ਕਰਾਉਣ ਵੱਲ ਸਾਡੀ ਵਚਨਬੱਧਤਾ ਨੂੰ ਮਜ਼ਬੂਤੀ ਦਿੰਦੀ ਹੈ, ਜਿਨ੍ਹਾਂ ਵਿੱਚ ਬਾਜ਼ਾਰ ਦੇ ਬਦਲਦੇ ਗਤੀਵਿਧੀਆਂ ਅਤੇ ਨਿਵੇਸ਼ਕਾਂ ਦੀਆਂ ਬਦਲਦੀਆਂ ਪ੍ਰਾਥਮਿਕਤਾਵਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ। ਇਹ ਫੰਡ ਇੱਕ ਅਜਿਹਾ ਵਿਲੱਖਣ ਫੈਕਟਰ-ਬੇਸਡ ਇੰਡੈਕਸ ਦਾ ਫਾਇਦਾ ਲਏਗਾ, ਜੋ ਸਾਡੀ ਅੰਦਰੂਨੀ ਵਿਧੀਵਿਧਾਨ ਦੀ ਸਹਾਇਤਾ ਨਾਲ ਮਜ਼ਬੂਤ ਕੈਸ਼ ਫਲੋ ਦੇ ਅਧਾਰ ਤੇ ਕੰਪਨੀਆਂ ਦੀ ਪਛਾਣ ਕਰਦਾ ਹੈ। ਸਾਨੂੰ ਯਕੀਨ ਹੈ ਕਿ ਇਹ ਫੰਡ ਸਾਡੇ ਪੋਰਟਫੋਲਿਓ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਵੇਗਾ ਅਤੇ ਭਾਰਤ ਦੀ ਅਗੇਤੀ ਲਾਈਫ ਇਨਸ਼ੋਰੈਂਸ ਕੰਪਨੀ ਵਜੋਂ ਸਾਡੀ ਸਥਿਤੀ ਨੂੰ ਮਜ਼ਬੂਤ ਕਰੇਗਾ।

# ਪੰਜਾਬ ਸਰਕਾਰ ਦੀ ਫਰਿਸ਼ਤੇ ਸਕੀਮ ਸੜਕ ਹਾਦਸਿਆਂ ਵਿੱਚ ਜ਼ਖਮੀ ਲੋਕਾਂ ਲਈ ਹੋਵੇਗੀ ਵਰਦਾਨ- ਸਿਵਲ ਸਰਜਨ

ਮਾਲੇਰਕੋਟਲਾ, :(ਕਿਮੀ ਅਰੋੜਾ,ਅਸਲਮ ਨਾਜ਼) ਪੰਜਾਬ ਸਰਕਾਰ ਸੜਕ ਹਾਦਸਿਆਂ ਵਿੱਚ ਜ਼ਖਮੀ ਹੋਣ ਕਾਰਨ ਮੌਤਾਂ ਨੂੰ ਘਟਾਉਣ ਅਤੇ ਉਪਲਬਧ ਸਰਕਾਰੀ/ਪੈਨਲ ਪ੍ਰਾਈਵੇਟ ਹਸਪਤਾਲਾਂ ਵਿੱਚ ਜਲਦੀ,ਸੁਵਿਧਾ ਜਨਕ ਇਲਾਜ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਫਰਿਸ਼ਤੇ ਸਕੀਮ ਸ਼ੁਰੂ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ ਸੰਜੇ ਗੋਇਲ ਨੇ ਦੱਸਿਆ ਕਿ ਸਰਕਾਰ ਵੱਲੋਂ ਮਨੁੱਖੀ ਜਾਨਾਂ ਬਚਾਉਣ ਲਈ ਕੀਤਾ ਗਿਆ ਇਹ ਉਪਰਾਲਾ ਕਈ ਅਨਮੋਲ ਜਾਨਾਂ ਬਚਾਉਣ ਵਿੱਚ ਸਹਾਈ ਹੋ ਰਿਹਾ ਹੈ। ਉਹਨਾਂ ਕਿਹਾ ਕਿ ਹਸਪਤਾਲਾਂ ਅਤੇ ਪੁਲਿਸ ਦੀ ਪੁੱਛ ਗਿੱਛ ਤੋਂ ਬਚਣ ਲਈ ਲੋਕ ਜਖਮੀ ਵਿਅਕਤੀਆਂ ਨੂੰ ਲੈ ਕੇ ਜਾਣ ਵਿੱਚ ਝਿਜਕਦੇ ਸਨ, ਜਿਸ ਕਰਕੇ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਸਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਫਰਿਸ਼ਤੇ ਸਕੀਮ ਅਧੀਨ ਸੂਬੇ ਦੇ 384 ਹਸਪਤਾਲਾਂ ਨੂੰ ਇਮਪੈਨਲਡ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 146 ਸਰਕਾਰੀ ਅਤੇ 238 ਪ੍ਰਾਈਵੇਟ ਹਸਪਤਾਲ ਸ਼ਾਮਲ ਹਨ। ਉਹਨਾਂ ਕਿਹਾ ਕਿ ਜਿਲ੍ਹਾ ਮਾਲੇਰਕੋਟਲਾ ਵਿੱਚ 03 ਸਰਕਾਰੀ ਅਤੇ ਤਿੰਨ ਪ੍ਰਾਈਵੇਟ (ਹਿੰਦ ਹਸਪਤਾਲ਼ ਅਹਿਮਦਗੜ੍ਹ, ਸਿੰਗਲਾ ਹਸਪਤਾਲ਼ ਮਾਲੇਰਕੋਟਲਾ ਅਤੇ ਗੁਰਮੁੱਖ ਹਸਪਤਾਲ) ਇਸ ਸਕੀਮ ਅਧੀਨ ਸੂਚੀਬੱਧ ਹਨ।



ਰੋਜ਼ਾਨਾ ਲੋਕ ਬਾਣੀ
www.lokbani

ਡਿਪਟੀ ਮੈਡੀਕਲ ਕਮਿਸ਼ਨਰ ਕਮ ਨੋਡਲ ਅਫਸਰ ਮਾਲੇਰਕੋਟਲਾ ਡਾ. ਰਿਸ਼ਮਾ ਭੌਰਾ ਨੇ ਦੱਸਿਆ ਕਿ ਅਜਿਹੇ ਫਰਿਸ਼ਤੇ ਜੋ ਆਮ ਲੋਕਾਂ ਨੂੰ ਦੁਰਘਟਨਾ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਅਤੇ ਉਹਨਾਂ ਦੀਆਂ ਜਾਨਾਂ ਬਚਾਉਣ ਲਈ ਪ੍ਰੇਰਿਤ ਕਰਦੇ ਹਨ, ਨੂੰ ਕਾਨੂੰਨੀ ਉਲਝਣਾਂ ਅਤੇ ਪੁਲਿਸ ਪੁੱਛਗਿੱਛ ਤੋਂ ਛੋਟ ਦਿੱਤੀ ਗਈ ਹੈ ਅਤੇ ਉਨ੍ਹਾਂ ਨੂੰ ਨਕਦ ਇਨਾਮਾਂ ਅਤੇ ਪ੍ਰਸ਼ੰਸਾ ਪੱਤਰਾਂ ਨਾਲ ਵੀ ਸਨਮਾਨਿਤ ਕੀਤਾ ਜਾਂਦਾ ਹੈ।ਉਹਨਾਂ ਕਿਹਾ ਕਿ ਫਰਿਸ਼ਤੇ ਪ੍ਰਣਾਲੀ ਦੇ ਤਹਿਤ, ਜ਼ਖਮੀ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁਚਾਉਣ ਵਿੱਚ ਸਹਾਇਤਾ ਕਰਨ ਵਾਲੇ ਵਿਅਕਤੀਆਂ ਨੂੰ ਸਰਕਾਰ ਦੁਆਰਾ ਫਰਿਸ਼ਤਾ ਵਜੋਂ ਮਾਨਤਾ ਦਿੱਤੀ ਜਾਂਦੀ ਹੈ ਅਤੇ ਉਹਨਾਂ ਨੂੰ 2000 ਰੁਪਏ ਦਾ ਇਨਾਮ ਵੀ ਦਿੱਤਾ ਜਾਂਦਾ ਹੈ। ਇਸ ਦੇ ਸਬੰਧ ਵਿੱਚ 108 ਐਂਬੂਲੈਂਸ ਨੂੰ ਵੀ ਹਦਾਇਤਾਂ ਜਾਰੀ ਕੀਤੀਆ ਗਈਆ ਹਨ ਅਤੇ ਉਹਨਾਂ ਨੂੰ ਸੂਚੀਬੱਧ ਹਸਪਤਾਲਾ ਦੀਆ ਲਿਸਟਾਂ ਵੀ ਮੁਹੱਇਆ ਕਰਵਾਇਆ ਹੋਇਆ ਹਨ। ਫਰਿਸਤੇ ਸਕੀਮ ਅਧੀਨ ਪੰਜਾਬ ਦੇ ਸਮੂਹ ਇਪੈਨਲਡ ਹਸਪਤਾਲਾਂ ਦੀ ਸੂਚੀ ਵਿਭਾਗ ਦੀ ਵੈਬਸਾਈਟ sha.punjab.gov.in ਤੇ ਉਪਲੱਬਧ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com